ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਐਤਵਾਰ, 15 ਸਤੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੩੧ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਚੰਡੀਗੜ੍ਹ ਗ੍ਰਨੇਡ ਅਟੈਕ ’ਚ ਵੱਡਾ ਖੁਲਾਸਾ

# ਪਾਕਿਸਤਾਨ ਆਰਮੀ ਦਾ ਬੰਬ ਹੋਣ ਦਾ ਦਾਅਵਾ

**ਚੰਡੀਗੜ੍ਹ, 14 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਦੇ ਸੈਕਟਰ 10 ਸਥਿਤ ਮਕਾਨ ਨੰਬਰ 575 ’ਤੇ ਬੁੱਧਵਾਰ ਨੂੰ ਹੋਏ ਗ੍ਰਨੇਡ ਹਮਲੇ ਦੇ ਮੁੱਖ ਦੋਸ਼ੀ ਰੋਹਨ ਮਸੀਹ ਨੂੰ ਪੰਜਾਬ ਪੁਲਸ ਦੇ ਸਟੇਟ ਆਪ੍ਰੇਸ਼ਨ ਸੈੱਲ ਨੇ ਸ਼ੁੱਕਰਵਾਰ ਨੂੰ ਅੰਮ੍ਰਿਤਸਰ ਤੋਂ ਗ੍ਰਿਫਤਾਰ ਕੀਤਾ ਹੈ। ਉਸ ਕੋਲੋਂ 9 ਐਮਐਮ ਦਾ ਗਲਾਕ ਪਿਸਤੌਲ ਬਰਾਮਦ ਹੋਇਆ। ਮੁਲਜ਼ਮ ਅੰਮ੍ਰਿਤਸਰ ਦੇ ਪਿੰਡ ਪਾਸੀਆ ਦਾ ਰਹਿਣ ਵਾਲਾ ਹੈ। ਪੁਲਿਸ ਨੇ ਦੱਸਿਆ ਕਿ ਰੋਹਨ ਪਹਿਲਾਂ ਆਪਣੇ ਕਿਸੇ ਜਾਣਕਾਰ ਨੂੰ ਮਿਲਣ ਖੰਨਾ ਗਿਆ ਸੀ ਪਰ ਉਥੋਂ ਵਾਪਸ ਅੰਮ੍ਰਿਤਸਰ ਆ ਗਿਆ। ਉਸ ਨੇ ਜੰਮੂ-ਕਸ਼ਮੀਰ ਜਾਣ ਦੀ ਯੋਜਨਾ ਬਣਾਈ ਸੀ। ਰੋਹਨ ਨੇ ਦੂਜੇ ਦੋਸ਼ੀ ਬਾਰੇ ਵੀ ਜਾਣਕਾਰੀ ਦਿੱਤੀ ਹੈ, ਜਿਸ ’ਤੇ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਆਈਐਸਆਈ ਨੇ ਡਰੋਨ ਰਾਹੀਂ ਸਰਹੱਦ ਪਾਰ ਕਰਕੇ ਹੈਪੀ ਪਾਸੀਆ ਦੇ ਕਾਰਕੁਨਾਂ ਨੂੰ ਮਿਲਟਰੀ ਗ੍ਰੇਡ ਹੈਂਡ ਗ੍ਰਨੇਡ ਮੁਹੱਈਆ ਕਰਵਾਏ ਸਨ। ਹੈਪੀ ਦੇ ਗੁੰਡਿਆਂ ਨੇ ਹਮਲਾਵਰਾਂ ਨੂੰ ਹਥਿਆਰ ਅਤੇ ਹੱਥਗੋਲੇ ਪਹੁੰਚਾਏ। ਪੰਜਾਬ ਪੁਲਿਸ ਹਮਲਾਵਰਾਂ ਨੂੰ ਹਥਿਆਰ ਸਪਲਾਈ ਕਰਨ ਵਾਲਿਆਂ ਦੀ ਵੀ ਭਾਲ ਕਰ ਰਹੀ ਹੈ। ਜਾਂਚ ’ਚ ਸਾਹਮਣੇ ਆਇਆ ਹੈ ਕਿ ਦੋਸ਼ੀ ਰੋਹਨ ਪਿਛਲੇ ਕੁਝ ਸਾਲਾਂ ਤੋਂ ਜੰਮੂ-ਕਸ਼ਮੀਰ ’ਚ ਕੰਮ ਕਰ ਰਿਹਾ ਸੀ। ਇਸੇ ਪਿੰਡ ਦਾ ਹੋਣ ਕਰਕੇ ਉਹ ਹੈਪੀ ਪਾਸੀਆ ਨੂੰ ਜਾਣਦਾ ਸੀ। ਹੈਪੀ ਨੇ ਰੋਹਨ ਨੂੰ ਆਰਥਿਕ ਮਦਦ ਦਾ ਵਾਅਦਾ ਕਰਕੇ ਹਮਲਾ ਕਰਨ ਲਈ ਮਨਾ ਲਿਆ ਸੀ। ਰੋਹਨ ਨੇ ਦੱਸਿਆ ਕਿ ਹੈਪੀ ਨੇ ਉਸ ਲਈ ਪੈਸੇ ਅਤੇ ਸਾਮਾਨ ਦਾ ਪ੍ਰਬੰਧ ਵੀ ਕੀਤਾ ਸੀ। ਜਾਣਕਾਰੀ ਮੁਤਾਬਕ ਰੋਹਨ ਜੰਮੂ-ਕਸ਼ਮੀਰ ਜਾਣ ਦੀ ਤਿਆਰੀ ਕਰ ਰਿਹਾ ਸੀ। ਉਥੋਂ ਉਹ ਪਾਕਿਸਤਾਨ ਜਾਣ ਦੀ ਯੋਜਨਾ ਬਣਾ ਰਿਹਾ ਸੀ ਪਰ ਪੁਲਿਸ ਨੇ ਉਸ ਨੂੰ ਪਹਿਲਾਂ ਹੀ ਫੜ ਲਿਆ।






## ਪ੍ਰਤਾਪ ਬਾਜਵਾ ਨੂੰ ਮਿਲੀ ਵੱਡੀ ਜ਼ਿੰਮੇਵਾਰੀ

**ਨਵੀਂ ਦਿੱਲੀ, 14 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕਾਂਗਰਸ ਪਾਰਟੀ ਨੇ ਹਰਿਆਣਾ ਵਿਧਾਨ ਸਭਾ ਚੋਣਾਂ ਲਈ ਤਿੰਨ ਸੀਨੀਅਰ ਆਗੂਆਂ ਨੂੰ ਵਿਸ਼ੇਸ਼ ਆਬਜ਼ਰਵਰ ਨਿਯੁਕਤ ਕੀਤਾ ਹੈ। ਪਾਰਟੀ ਦੇ ਸੰਗਠਨ ਜਨਰਲ ਸਕੱਤਰ ਕੇ.ਸੀ. ਵੇਣੂਗੋਪਾਲ ਜਾਰੀ ਪ੍ਰੈੱਸ ਬਿਆਨ ਅਨੁਸਾਰ, ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਪੰਜਾਬ ਵਿਧਾਨ ਸਭਾ ’ਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਰਾਜਸਥਾਨ ਦੇ ਸਾਬਕਾ ਮੁੱਖ ਮੰਤਰੀ ਅਸ਼ੋਕ ਗਹਿਲੋਤ ਅਤੇ ਪਾਰਟੀ ਦੇ ਖਜ਼ਾਨਚੀ ਅਜੇ ਮਾਕਨ ਨੂੰ ਅਖਿਲ ਭਾਰਤੀ ਕਾਂਗਰਸ ਕਮੇਟੀ (ਏ.ਆਈ.ਸੀ.ਸੀ.) ਦਾ ਸੀਨੀਅਰ ਆਬਜ਼ਰਵਰ ਨਿਯੁਕਤ ਕੀਤਾ ਹੈ। ਇਨ੍ਹਾਂ ਨਿਯੁਕਤੀਆਂ ਦਾ ਮਕਸਦ ਹਰਿਆਣਾ ’ਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਅਤੇ ਰਣਨੀਤੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣਾ ਹੈ। ਚੋਣਾਂ ਦੇ ਸਮੇਂ ਇਨ੍ਹਾਂ ਆਗੂਆਂ ਦਾ ਸਿਆਸੀ ਤਜਰਬਾ ਕਾਂਗਰਸ ਲਈ ਮਹੱਤਵਪੂਰਨ ਸਾਬਤ ਹੋ ਸਕਦਾ ਹੈ। ਇਹ ਕਦਮ ਪਾਰਟੀ ਦੀ ਗੰਭੀਰਤਾ ਨੂੰ ਦਰਸਾਉਂਦਾ ਹੈ ਕਿ ਉਹ ਹਰਿਆਣਾ ਚੋਣਾਂ ਲਈ ਪੂਰੀ ਤਰ੍ਹਾਂ ਤਿਆਰ ਹੈ ਅਤੇ ਵੋਟਰਾਂ ਤੱਕ ਪਹੁੰਚਣ ਲਈ ਹਮਲਾਵਰ ਰਣਨੀਤੀ ਅਪਣਾਉਣ ਦਾ ਫੈਸਲਾ ਕੀਤਾ ਹੈ।



## ਆਮ ਆਦਮੀ ਪਾਰਟੀ ਦੇ ਲੀਡਰ ਦੇ ਕਤਲ ਮਾਮਲੇ ’ਚ ਅਕਾਲੀ ਆਗੂ ਗ੍ਰਿਫ਼ਤਾਰ, ਸਰਪੰਚੀ ਦੀਆਂ ਚੋਣਾਂ ਲੜਨ ਦੀ ਕਰ ਰਿਹਾ ਸੀ ਤਿਆਰੀ

**ਚੰਡੀਗੜ੍ਹ, 14 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਕਿਸਾਨ ਵਿੰਗ ਦੇ ਪ੍ਰਧਾਨ ਤਰਲੋਚਨ ਸਿੰਘ ਉਰਫ ਡੀਸੀ ਦੀ 9 ਸਤੰਬਰ ਦੀ ਸ਼ਾਮ ਨੂੰ ਖੰਨਾ ਦੇ ਪਿੰਡ ਇਕੋਲਾਹਾ ਵਿੱਚ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਇਸ ਮਾਮਲੇ ’ਚ ਮੁੱਖ ਦੋਸ਼ੀ ਰਣਜੀਤ ਸਿੰਘ ਵਾਸੀ ਇਕੋਲਾਹਾ ਨੂੰ ਘਟਨਾ ਤੋਂ ਬਾਅਦ ਗ੍ਰਿਫਤਾਰ ਕਰ ਲਿਆ ਗਿਆ। ਬੀਤੀ ਰਾਤ ਪੁਲਿਸ ਨੇ ਇਸ ਮਾਮਲੇ ਵਿੱਚ ਨਾਮਜ਼ਦ ਅਕਾਲੀ ਆਗੂ ਤੇਜਿੰਦਰ ਸਿੰਘ ਇਕੋਲਾਹਾ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਤੇਜਿੰਦਰ ਦੇ ਭਰਾ ਦੀ ਭਾਲ ਜਾਰੀ ਹੈ। ਦੋਸ਼ ਹੈ ਕਿ ਦੋਵੇਂ ਭਰਾਵਾਂ ਨੇ ਕਤਲ ਦੀ ਸਾਜ਼ਿਸ਼ ਰਚੀ ਸੀ। ਤੇਜਿੰਦਰ ਨੂੰ ਬਾਅਦ ਦੁਪਹਿਰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਮੁੱਖ ਮੁਲਜ਼ਮ ਰਣਜੀਤ ਸਿੰਘ ਨੂੰ ਗ੍ਰਿਫ਼ਤਾਰ ਕਰਨ ਤੋਂ ਬਾਅਦ ਤਿੰਨ ਦਿਨਾਂ ਦੇ ਰਿਮਾਂਡ ’ਤੇ ਭੇਜ ਦਿੱਤਾ ਗਿਆ ਹੈ। ਸ਼ੁੱਕਰਵਾਰ ਨੂੰ ਰਿਮਾਂਡ ਦੀ ਮਿਆਦ ਖਤਮ ਹੋਣ ਤੋਂ ਬਾਅਦ ਰਣਜੀਤ ਨੂੰ ਮੁੜ ਖੰਨਾ ਅਦਾਲਤ ’ਚ ਪੇਸ਼ ਕੀਤਾ ਗਿਆ। ਜੱਜ ਦੇ ਸਾਹਮਣੇ ਸਰਕਾਰੀ ਵਕੀਲ ਨੇ ਪੁਲਿਸ ਤਰਫ਼ੋਂ ਰਿਮਾਂਡ ਦੀ ਮੰਗ ਕੀਤੀ। ਇਸ ਦਾ ਹਵਾਲਾ ਦਿੱਤਾ ਗਿਆ ਕਿ ਇਹ ਸਿਆਸੀ ਕਤਲ ਸੀ। ਇਸ ਵਿੱਚ ਦੋ ਫ਼ਰਾਰ ਭਰਾਵਾਂ ਤੋਂ ਇਲਾਵਾ ਕਈ ਹੋਰ ਵੀ ਸ਼ਾਮਲ ਹਨ। ਇਸ ਲਈ ਹੁਣ ਰਿਮਾਂਡ ਦੀ ਲੋੜ ਹੈ। ਮੁਲਜ਼ਮ ਪੱਖ ਦੇ ਵਕੀਲ ਦਾ ਕਹਿਣਾ ਸੀ ਕਿ ਤਿੰਨ ਦਿਨਾਂ ਦੇ ਰਿਮਾਂਡ ਵਿੱਚ ਕੁਝ ਨਵਾਂ ਸਾਹਮਣੇ ਨਹੀਂ ਆਇਆ ਅਤੇ ਨਾ ਹੀ ਪੁਲਿਸ ਨੂੰ ਕੋਈ ਸੁਰਾਗ ਮਿਲਿਆ ਹੈ। ਇਸ ਲਈ ਉਨ੍ਹਾਂ ਮੁਲਜ਼ਮਾਂ ਨੂੰ ਨਿਆਂਇਕ ਹਿਰਾਸਤ ਵਿੱਚ ਭੇਜਣ ਦੀ ਮੰਗ ਕੀਤੀ। ਦੋਵਾਂ ਪੱਖਾਂ ਨੂੰ ਸੁਣਨ ਤੋਂ ਬਾਅਦ ਜੱਜ ਨੇ ਮੁਲਜ਼ਮਾਂ ਦਾ ਦੋ ਦਿਨ ਦਾ ਰਿਮਾਂਡ ਦੇ ਦਿੱਤਾ। ਇਸ ਤੋਂ ਕੁਝ ਘੰਟਿਆਂ ਬਾਅਦ ਅਕਾਲੀ ਆਗੂ ਨੂੰ ਗ੍ਰਿਫਤਾਰ ਕਰ ਲਿਆ ਗਿਆ।



## ਭਾਈ ਅੰਮ੍ਰਿਤਪਾਲ ਸਿੰਘ ਦੀ ਲੋਕ ਸਭਾ ਮੈਂਬਰਸ਼ਿੱਪ ’ਤੇ ਲਟਕੀ ਤਲਵਾਰ ! ਹਾਈਕੋਰਟ ਨੇ ਸਾਂਸਦ ਨੂੰ ਭੇਜਿਆ ਨੋਟਿਸ, 25 ਅਕਤੂਬਰ ਤੱਕ ਦੇਣਾ ਪਵੇਗਾ ਜਵਾਬ

**ਚੰਡੀਗੜ੍ਹ, 14 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਸੰਸਦੀ ਮੈਂਬਰਸ਼ਿਪ ਨੂੰ ਚੁਣੌਤੀ ਦੇਣ ਦੇ ਮਾਮਲੇ ਵਿੱਚ ਨੋਟਿਸ ਜਾਰੀ ਕੀਤਾ ਹੈ। ਵਿਕਰਮਜੀਤ ਸਿੰਘ ਵੱਲੋਂ ਅੰਮ੍ਰਿਤਪਾਲ ਸਿੰਘ ਨੂੰ ਸੰਸਦ ਮੈਂਬਰ ਵਜੋਂ ਅਯੋਗ ਠਹਿਰਾਉਣ ਲਈ ਪਟੀਸ਼ਨ ਦਾਇਰ ਕੀਤੀ ਗਈ ਹੈ ਜਿਸ ਦੀ ਅੱਜ ਹਾਈਕੋਰਟ ਵਿੱਚ ਸੁਣਵਾਈ ਹੋਈ। ਹਾਈ ਕੋਰਟ ਨੇ ਅੰਮ੍ਰਿਤਪਾਲ ਸਿੰਘ ਨੂੰ 25 ਅਕਤੂਬਰ ਤੱਕ ਜਵਾਬ ਦਾਖ਼ਲ ਕਰਨ ਲਈ ਨੋਟਿਸ ਜਾਰੀ ਕੀਤਾ ਹੈ। ਅੰਮ੍ਰਿਤਪਾਲ ਸਿੰਘ ਖ਼ਿਲਾਫ਼ ਅਦਾਲਤ ਵਿੱਚ ਪੁੱਜੇ ਵਿਕਰਮਜੀਤ ਸਿੰਘ ਨੇ ਪਟੀਸ਼ਨ ਵਿੱਚ ਦੋਸ਼ ਲਾਇਆ ਹੈ ਕਿ ਅੰਮ੍ਰਿਤਪਾਲ ਸਿੰਘ ਨੇ ਨਾਮਜ਼ਦਗੀ ਪੱਤਰਾਂ ਵਿੱਚ ਕਈ ਅਹਿਮ ਜਾਣਕਾਰੀਆਂ ਛੁਪਾ ਦਿੱਤੀਆਂ ਹਨ। ਉਸ ਨੇ ਆਪਣੇ ਚੋਣ ਖਰਚੇ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਹੈ ਜਿਸ ਵਿਚ ਉਸ ਦੀ ਹਮਾਇਤ ਵਿੱਚ ਰੋਜ਼ਾਨਾ ਕਈ ਮੀਟਿੰਗਾਂ ਕੀਤੀਆਂ ਗਈਆਂ ਅਤੇ ਪੈਸਾ ਕਿੱਥੇ ਖਰਚ ਕੀਤਾ ਗਿਆ, ਇਸ ਬਾਰੇ ਜਾਣਕਾਰੀ ਨਹੀਂ ਦਿੱਤੀ ਗਈ ਹੈ। ਉਸ ਨੇ ਅੰਮ੍ਰਿਤਪਾਲ ਸਿੰਘ ’ਤੇ ਧਾਰਮਿਕ ਪਛਾਣ ਦੀ ਵਰਤੋਂ ਕਰਕੇ ਧਰਮ ਦੇ ਨਾਂਅ ’ਤੇ ਵੋਟਾਂ ਮੰਗਣ ਦਾ ਦੋਸ਼ ਲਾਇਆ ਹੈ।



### ਅੰਮ੍ਰਿਤਪਾਲ ਆਸਾਮ ਦੀ ਜੇਲ੍ਹ ਵਿੱਚ ਬੰਦ

ਖਾਲਿਸਤਾਨੀ ਸਮਰਥਕ ਅੰਮ੍ਰਿਤਪਾਲ ਸਿੰਘ ਨੂੰ ਅਪ੍ਰੈਲ 2023 ’ਚ ਰਾਸ਼ਟਰੀ ਸੁਰੱਖਿਆ ਕਾਨੂੰਨ ਤਹਿਤ ਗ੍ਰਿਫਤਾਰ ਕੀਤਾ ਗਿਆ ਸੀ। ਅੰਮ੍ਰਿਤਪਾਲ ਨੂੰ ਇਸ ਸਮੇਂ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਰੱਖਿਆ ਗਿਆ ਹੈ। ਅੰਮ੍ਰਿਤਪਾਲ ਸਿੰਘ ਅਜਨਾਲਾ ਥਾਣੇ ’ਤੇ ਹਮਲੇ ਸਮੇਤ ਕਈ ਮਾਮਲੇ ਦਰਜ ਹਨ। ਜੇਲ੍ਹ ਵਿੱਚ ਰਹਿੰਦਿਆਂ ਅੰਮ੍ਰਿਤਪਾਲ ਸਿੰਘ ਨੇ 2024 ਦੀਆਂ ਲੋਕ ਸਭਾ ਚੋਣਾਂ ਖਡੂਰ ਸਾਹਿਬ ਸੰਸਦੀ ਹਲਕੇ ਤੋਂ ਆਜ਼ਾਦ ਉਮੀਦਵਾਰ ਵਜੋਂ ਜਿੱਤੀਆਂ ਹਨ।

ਅੰਮ੍ਰਿਤਪਾਲ ਸਿੰਘ ਨੇ ਕਾਂਗਰਸ ਦੇ ਕੁਲਬੀਰ ਸਿੰਘ ਜ਼ੀਰਾ ਨੂੰ ਕਰੀਬ 2 ਲੱਖ ਵੋਟਾਂ ਦੇ ਫਰਕ ਨਾਲ ਹਰਾਇਆ ਸੀ। ਖਡੂਰ ਸਾਹਿਬ ਤੋਂ ਜਿੱਤਣ ਤੋਂ ਬਾਅਦ ਅੰਮ੍ਰਿਤਪਾਲ ਨੂੰ ਸਹੁੰ ਚੁੱਕਣ ਲਈ ਪੈਰੋਲ ਦਿੱਤੀ ਗਈ ਸੀ।

## ਪੰਜਾਬ ਪੁਲਸ ਦੀ ਗੱਡੀ ਨੂੰ ਸਾਈਡ ਨਾ ਦੇਣਾ ਕਿਸਾਨ ਨੂੰ ਪਿਆ ਮਹਿੰਗਾ; ਕੀਤਾ ਨਸ਼ੇ ਦਾ ਪਰਚਾ, ਜਾਂਚ ’ਚ ਨਿਕਲੀ ਪੈਰਾਸੀਟਾਮੋਲ

**ਚੰਡੀਗੜ੍ਹ, 14 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਓਏ ਛੋਟੂ... ਪੰਜਾਬ ਪੁਲਸ ਏਦਾਂ ਵੀ ਕਰਦੀ ਐ...! ਦਿਲਜੀਤ ਦੀ ਫਿਲਮ ਜੱਟ ਐਂਡ ਜੂਲੀਅਟ ਦੀ ਇਹ ਮਸ਼ਹੂਰ ਸਤਰਾਂ ਪੰਜਾਬ ਵਿੱਚ ਅਕਸਰ ਸੁਣਨ ਨੂੰ ਮਿਲਦੀਆਂ ਹਨ। ਜਦੋਂ ਵੀ ਪੰਜਾਬ ਪੁਲਿਸ ਕੋਈ ਹੈਰਾਨੀਜਨਕ ਕਾਰਨਾਮਾ ਕਰਦੀ ਹੈ, ਅਸੀਂ ਸੋਸ਼ਲ ਮੀਡੀਆ ’ਤੇ ਉਸੇ ਤਰਜ਼ ’ਤੇ ਮੀਮਜ਼ ਦਾ ਹੜ੍ਹ ਦੇਖਦੇ ਹਾਂ। ਹੁਣ ਤਾਜ਼ਾ ਮਾਮਲਾ ਵੀ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਾ ਹੈ। ਹਾਈਕੋਰਟ ਨੇ ਵੀ ਪੁਲਸ ਨੂੰ ਫਟਕਾਰ ਲਗਾਈ ਹੈ। ਦਰਅਸਲ, ਜੇਕਰ ਕੋਈ ਪੰਜਾਬ ਪੁਲਸ ਦੀ ਗੱਡੀ ਤੁਹਾਡੀ ਗੱਡੀ ਤੋਂ ਸਾਈਡ ਮੰਗੇ ਤਾਂ ਦੇਰੀ ਨਾ ਕਰੋ। ਹੋ ਸਕਦਾ ਹੈ ਕਿ ਤੁਹਾਡੇ ’ਤੇ ਨਸ਼ਾ ਤਸਕਰੀ ਦਾ ਝੂਠਾ ਕੇਸ ਦਰਜ ਹੋ ਜਾਵੇ ਅਤੇ ਤੁਹਾਨੂੰ ਜੇਲ੍ਹ ਵਿਚ ਰਹਿਣਾ ਪਵੇ। ਇਹ ਕੋਈ ਫਿਲਮੀ ਕਹਾਣੀ ਨਹੀਂ ਸਗੋਂ ਸੱਚੀ ਘਟਨਾ ਹੈ। ਪੰਜਾਬ ਪੁਲਸ ਦਾ ਚਿਹਰਾ ਇੱਕ ਵਾਰ ਫਿਰ ਪੰਜਾਬ ਹਰਿਆਣਾ ਹਾਈਕੋਰਟ ਵਿੱਚ ਨੰਗਾ ਹੋਇਆ ਹੈ। ਪੁਲਸ ਵੱਲੋਂ ਨਸ਼ੀਲੇ ਕੈਪਸੂਲ ਰੱਖਣ ਦੇ ਦੋਸ਼ੀ ਲਵਪ੍ਰੀਤ ਸਿੰਘ ਨੂੰ ਬਕਾਇਦਾ ਜ਼ਮਾਨਤ ਦਿੰਦੇ ਹੋਏ ਹਾਈਕੋਰਟ ਨੇ ਕਿਹਾ ਕਿ ਪੁਲਸ ਦੀ ਬੇਰੁਖੀ ਦੀ ਹੱਦ ਹੈ। ਇਸ ਤਰ੍ਹਾਂ ਭੋਲੇ ਭਾਲੇ ਲੋਕਾਂ ਨੂੰ ਐਨਡੀਪੀਐਸ ਕੇਸਾਂ ਵਿੱਚ ਫਸਾ ਕੇ ਪੁਲਸ ਸਮਾਜ ਵਿੱਚ ਡਰ ਦਾ ਮਾਹੌਲ ਪੈਦਾ ਕਰ ਰਹੀ ਹੈ ਅਤੇ ਇਹ ਸਰਾਸਰ ਗਲਤ ਹੈ। ਅਦਾਲਤ ਨੇ ਪੰਜਾਬ ਦੇ ਡੀਜੀਪੀ ਨੂੰ ਅਦਾਲਤ ਵਿੱਚ ਹਲਫ਼ਨਾਮਾ ਦਾਇਰ ਕਰਨ ਲਈ ਕਿਹਾ ਹੈ ਅਤੇ ਦੋਸ਼ੀ ਪੁਲਸ ਅਧਿਕਾਰੀਆਂ ਖ਼ਿਲਾਫ਼ ਕਾਰਵਾਈ ਕਰਨ ਦੇ ਵੀ ਹੁਕਮ ਦਿੱਤੇ ਹਨ। ਕਪੂਰਥਲਾ ਦੇ ਐਸਐਸਪੀ ਨੂੰ 20 ਸਤੰਬਰ ਨੂੰ ਹੋਣ ਵਾਲੀ ਅਗਲੀ ਸੁਣਵਾਈ ਵਿੱਚ ਹਾਈ ਕੋਰਟ ਵਿੱਚ ਪੇਸ਼ ਹੋਣ ਦੇ ਹੁਕਮ ਦਿੱਤੇ ਹਨ। ਅਦਾਲਤ ਵਿੱਚ ਜਦੋਂ ਐਫਐਸਐਲ ਦੀ ਰਿਪੋਰਟ ਪੇਸ਼ ਕੀਤੀ ਗਈ ਤਾਂ ਦੱਸਿਆ ਗਿਆ ਕਿ ਇਹ ਨਸ਼ੀਲੇ ਕੈਪਸੂਲ ਨਹੀਂ, ਸਗੋਂ ਪੈਰਾਸੀਟਾਮੋਲ ਸਾਲਟ ਸੀ। ਬਚਾਅ ਪੱਖ ਦੇ ਵਕੀਲ ਅਨੁਸਾਰ ਇਸ ਨਸ਼ੀਲੇ ਕੈਪਸੂਲ ਦੀ ਕਹਾਣੀ ਪੁਲਸ ਨੇ ਖੁਦ ਰਚੀ ਸੀ, ਜਿਸ ਦਾ ਪਰਦਾਫਾਸ਼ ਕੀਤਾ ਗਿਆ ਹੈ। ਦਰਅਸਲ, ਪੰਜਾਬ ਦੇ ਕਪੂਰਥਲਾ ਦੇ ਸੁਲਤਾਨਪੁਰ ਲੋਧੀ ਦੇ ਲਵਪ੍ਰੀਤ ਸਿੰਘ ਨੇ ਪੁਲਸ ਦੀ ਕਾਰ ਨੂੰ ਸਾਈਡ ਨਹੀਂ ਦਿੱਤੀ। ਇਹ ਮਾਮਲਾ 22 ਜੂਨ 2024 ਦਾ ਹੈ। ਲਵਪ੍ਰੀਤ ਆਪਣੇ ਖੇਤ ਤੋਂ ਕਾਰ ’ਚ ਸਵਾਰ ਹੋ ਕੇ ਘਰ ਪਰਤ ਰਿਹਾ ਸੀ ਤਾਂ ਇਕ ਥਾਂ ’ਤੇ ਤੰਗ ਸੜਕ ਸੀ ਅਤੇ ਪੁਲਸ ਦੀ ਕਾਰ ਪਿੱਛੇ ਸੀ। ਪੁਲਸ ਵਾਲਿਆਂ ਨੇ ਹਾਰਨ ਵਜਾਇਆ ਪਰ ਕੁਝ ਮਿੰਟਾਂ ਬਾਅਦ ਹੀ ਲਵਪ੍ਰੀਤ ਨੇ ਰਾਹ ਛੱਡ ਦਿੱਤਾ। ਇਸ ਦੌਰਾਨ ਪੁਲਸ ਪਾਰਟੀ ਲਵਪ੍ਰੀਤ ਦੀ ਕਾਰ ਨੂੰ ਰੋਕ ਕੇ ਉਸ ਨੂੰ ਥਾਣੇ ਲੈ ਗਈ। ਦੋ ਦਿਨ ਤੱਕ ਪਰਿਵਾਰਕ ਮੈਂਬਰਾਂ ਨੂੰ ਪਤਾ ਨਹੀਂ ਲੱਗਾ ਕਿ ਉਹ ਕਿੱਥੇ ਹੈ। ਇਸੇ ਦੌਰਾਨ ਲਵਪ੍ਰੀਤ ਖ਼ਿਲਾਫ਼ 500 ਤੋਂ ਵੱਧ ਨਸ਼ੀਲੇ ਕੈਪਸੂਲ ਰੱਖਣ ਦੇ ਦੋਸ਼ ਵਿੱਚ ਐਨ.ਡੀ.ਪੀ.ਐਸ. ਤਹਿਤ ਕੇਸ ਦਰਜ ਕਰ ਲਿਆ ਗਿਆ। ਹੇਠਲੀ ਅਦਾਲਤ ਵੱਲੋਂ ਜ਼ਮਾਨਤ ਖਾਰਜ ਹੋਣ ਤੋਂ ਬਾਅਦ ਲਵਪ੍ਰੀਤ ਦੇ ਪਰਿਵਾਰ ਨੇ ਹਾਈਕੋਰਟ ਦਾ ਰੁਖ ਕੀਤਾ, ਜਿੱਥੇ ਲਵਪ੍ਰੀਤ ਦੇ ਵਕੀਲ ਨੇ ਅਦਾਲਤ ਨੂੰ ਕਿਹਾ ਕਿ ਇਹ ਸਿਰਫ ਹਉਮੈ ਦਾ ਮਾਮਲਾ ਹੈ ਅਤੇ ਲਵਪ੍ਰੀਤ ਨੂੰ ਝੂਠਾ ਫਸਾਇਆ ਗਿਆ ਹੈ।



## ਗੁਰੂ ਨਗਰੀ ’ਚ ਸਿੰਘਾਂ ਦਾ ਉਡਾਇਆ ਜਾ ਰਿਹਾ ਮਜ਼ਾਕ ! ਰੈਸਟੋਰੈਂਟ ਦਾ ਨਾਂਅ ਰੱਖਿਆ ਪਰਾਂਠਾ ਸਿੰਘ, ਨਿਹੰਗ ਸਿੰਘਾਂ ਨੇ ਪਾੜੇ ਪੋਸਟਰ, ਮਾਲਕ ਨੇ ਮੰਗੀ ਮੁਆਫ਼ੀ

**ਅੰਮ੍ਰਿਤਸਰ, 14 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਇੱਕ ਰੈਸਟੋਰੈਂਟ ਮਾਲਕ ਨੂੰ ਹੋਟਲ ਦਾ ਨਾਂਅ ਪਰਾਂਠਾ ਸਿੰਘ ਰੱਖਣਾ ਮਹਿੰਗਾ ਪੈ ਗਿਆ ਕਿਉਂਕਿ ਬੁੱਢਾ ਦਲ ਦੇ ਨਿਹੰਗ ਸਿੰਘਾਂ ਨੇ ਰੈਸਟੋਰੈਂਟ ਵਿੱਚ ਪਹੁੰਚ ਕੇ ਹੰਗਾਮਾ ਕੀਤਾ ਤੇ ਇਸ ਦੇ ਪੋਸਟਰ ਪਾੜ ਦਿੱਤੇ। ਉਨ੍ਹਾਂ ਨੇ ਉਸ ਨੂੰ ਆਪਣਾ ਨਾਂਅ ਬਦਲਣ ਲਈ ਕਿਹਾ ਜਿਸ ਤੋਂ ਬਾਅਦ ਰੈਸਟੋਰੈਂਟ ਦੇ ਭਰੋਸਾ ਦਿੱਤਾ ਕਿ ਉਸ ਦਾ ਨਾਂਅ ਜਲਦੀ ਹੀ ਬਦਲਿਆ ਜਾਵੇਗਾ। ਦਰਅਸਲ, ਸ੍ਰੀ ਹਰਿਮੰਦਰ ਸਾਹਿਬ ਦੀ ਪਾਰਕਿੰਗ ਦੇ ਕੋਲ ਇੱਕ ਰੈਸਟੋਰੈਂਟ ਖੋਲ੍ਹਿਆ ਗਿਆ ਸੀ, ਜਿਸ ਦਾ ਨਾਂਅ ਪੀਜ਼ਾ ਕਿੰਗ ਪਰਾਂਠਾ ਸਿੰਘਲ ਰੱਖਿਆ ਸੀ। ਇਸ ’ਤੇ ਇਤਰਾਜ਼ ਜ਼ਾਹਰ ਕਰਦਿਆਂ ਨਿਹੰਗ ਸਿੰਘ ਰੈਸਟੋਰੈਂਟ ’ਚ ਦਾਖ਼ਲ ਹੋਏ ਅਤੇ ਮੈਨੇਜਰ ਨਾਲ ਗੱਲ ਕੀਤੀ। ਮੈਨੇਜਰ ਨੇ ਦੱਸਿਆ ਕਿ ਹੋਟਲ ਦਾ ਮਾਲਕ ਵਿਦੇਸ਼ ਰਹਿੰਦਾ ਹੈ ਜਿਸ ਤੋਂ ਬਾਅਦ ਨਿਹੰਗ ਸਿੰਘ ਮੈਨੇਜਰ ਨੇ ਨੂੰ ਬੁਲਾ ਕੇ ਦੱਸਿਆ ਕਿ ਸਿੰਘ ਦਾ ਮਤਲਬ ਹੈ ਸ਼ੇਰ ਤੇ ਹੁਣ ਸ਼ੇਰ ਪਰਾਂਠਾ ਕਿਵੇਂ ਹੋ ਗਿਆ। ਇੱਕ ਬਹਿਸ ਤੋਂ ਬਾਅਦ ਮਾਲਕ ਨੇ ਮੰਨਿਆ ਕਿ ਉਸਨੇ ਗ਼ਲਤੀ ਕੀਤੀ ਹੈ ਤੇ ਨਾਮ ਬਦਲ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਉਹ ਖੁਦ ਸਿੰਘ ਹੈ। ਨਿਹੰਗ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਇਸ ਨਾਂਅ ’ਤੇ ਇਤਰਾਜ਼ ਹੈ, ਕਿਉਂਕਿ ਉਨ੍ਹਾਂ ਦੇ ਗੁਰੂਆਂ ਨੇ ਉਨ੍ਹਾਂ ਨੂੰ ਇਹ ਨਾਂਅ ਦਿੱਤਾ ਸੀ। ਉਨ੍ਹਾਂ ਕਿਹਾ ਕਿ ਜਿਸ ਦਾ ਰੈਸਟੋਰੈਂਟ ਹੈ ਉਹ ਹੋਰ ਸੂਬੇ ਤੋਂ ਹੈ, ਉਨ੍ਹਾਂ ਨੂੰ ਉਨ੍ਹਾਂ ਦੇ ਕੰਮ ਵਿਚ ਕੋਈ ਦਿੱਕਤ ਨਹੀਂ ਹੈ ਪਰ ਉਨ੍ਹਾਂ ਨੂੰ ਇਸ ਤਰ੍ਹਾਂ ਦਾ ਨਾਂਅ ਦੇਣ ਤੋਂ ਪਹਿਲਾਂ ਸੋਚਣਾ ਚਾਹੀਦਾ ਸੀ। ਇਸੇ ਲਈ ਅੱਜ ਉਸ ਨੂੰ ਆਪਣਾ ਨਾਂਅ ਬਦਲਣ ਲਈ ਕਿਹਾ ਗਿਆ ਹੈ। ਰੈਸਟੋਰੈਂਟ ਦੇ ਮੈਨੇਜਰ ਹਨੀ ਨੇ ਦੱਸਿਆ ਕਿ ਉਨ੍ਹਾਂ ਨੇ ਨਾਂਅ ਬਦਲਣ ਦਾ ਫੈਸਲਾ ਕੀਤਾ ਹੈ। ਸਾਰੇ ਪੋਸਟਰ ਬਦਲ ਦਿੱਤੇ ਜਾਣਗੇ। ਉਨ੍ਹਾਂ ਨੂੰ ਆਪਣੀ ਗ਼ਲਤੀ ਦਾ ਅਹਿਸਾਸ ਹੈ ਅਤੇ ਉਨ੍ਹਾਂ ਦਾ ਮੰਨਣਾ ਹੈ ਕਿ ਇਸ ਨਾਂਅ ਨਾਲ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚ ਰਹੀ ਹੈ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ


| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਏ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar

www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਗੁਰਮਤਿ ਸ਼ਬਦ ਸੱਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛੱਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

***Raghbir Singh Walsal***

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ


## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE HOURS EVERYDAY

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

**Khehra VAISHNO DHABA**

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian

Jalandhar-Amritsar G.T. Road

NEAR JANDIALA GURU

Contact

98610-00057, 99152-32757



We Accept Online & Card Payment



## ਪੰਜਾਬੀ ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ

ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ

ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
☬ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।










**www.khalsaforge.com**



HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ
AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715 1-28621


ITHIHAAS
KATHA
GIANI BALVINDER SINGH 'RODE'
HEAD GRANTHI
GURDWARA SANT KHALSA JANAM ASTHAN
SANT JARNAIL SINGH KHALSA BHINDRANWALE
7-8PM
MON 9TH - THURSDAY 12TH
SEPTEMBER
10:30AM - 11:15AM
SUNDAY 15TH SEPTEMBER
ਆਵਾਜ਼ਿ ਕੌਮ
AWAZE QAUM
International Newspaper & WEB TV
SRI GURU SINGH SABHA, SHEEHY WAY, SLOUGH, SL2 5SS

# ੧ੴ ਸਤਿਗੁਰੂ ਪ੍ਰਸਾਦਿ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

## ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ ਭਰਾ

**ਸ: ਦਰਸ਼ਨ ਸਿੰਘ ਚੀਮਾਂ**

ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ: 06-09-2024 ਦਿਨ ਸ਼ੁਕਰਵਾਰ ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

**ਸ਼੍ਰੀ ਸਹਿਜ ਪਾਠ ਦੇ ਭੋਗ**

ਮਿਤੀ 15-09-2024 ਦਿਨ ਐਤਵਾਰ

**ਗੁਰਦੁਆਰਾ ਗੁਰੂਸਰ ਚਕਰ ਪਾਤਿਸਾਹੀ ਛੇਵੀ ਤੇ ਦਸਵੀ**

ਸਮਾਂ 12:00 ਤੋਂ 1:00 ਵਜੇ ਤੱਕ ਪਵੇਗਾ।

ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

**ਦੁਖੀ ਹਿਰਦੇ**

**ਸਮੂਹ ਚੀਮਾਂ ਪਰਿਵਾਰ**

M-95926-01621
70877-73314


ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਬਾਬੇ ਦਾ ਵਿਆਹ (ਬਟਾਲਾ)

**ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦਾ ਵਿਆਹ ਪੁਰਬ**



☛ ਜਨਮ ਦਿਹਾੜਾ ਧੰਨ ਬਾਬਾ ਸ੍ਰੀ ਚੰਦ ਸਾਹਿਬ ਜੀ।
☛ ਸਲਾਨਾ ਬਰਸੀਂ ਬਾਬਾ ਬਿਧੀ ਚੰਦ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 14 ਸਤੰਬਰ ਸ਼ਾਮ 5 ਤੋਂ 8 ਵਜ ਤੱਕ ਦੀਵਾਨ ਸਜਣਗੇ।**

ਐਤਵਾਰ 15 ਸਤੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਹਰਿੰਦਰ ਸਿੰਘ ਬੰਬੇ ਵਾਲੇ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


1984
2024
ਸਲਾਨਾ ਨੈਸ਼ਨਲ ਸਿੱਖ ਕਨਵੈਨਸ਼ਨ
ਸਿੱਖ ਫੈਡਰੇਸ਼ਨ (ਯੂਕੇ) SIKH FEDERATION (UK)
Sikh Federation UK
NATIONAL SIKH CONVENTION
Highlighting the issues facing the Sikh Community & leading the campaign for re-establishing a Sikh homeland
SUNDAY 15 SEPTEMBER 2024
ਸਿੱਖ ਫੈਡਰੇਸ਼ਨ (ਯੂਕੇ) ਦੀ 40ਵੀਂ ਸਲਾਨਾ ਕਨਵੈਨਸ਼ਨ 15 ਸਤੰਬਰ ਦਿਨ ਐਤਵਾਰ ਨੂੰ
ਗੁਰੂ ਨਾਨਕ ਗੁਰਦੁਆਰਾ, ਸੈਜਲੀ ਸਟਰੀਟ, ਵੁਲਵਰਹੈਂਪਟਨ ਵਿਖੇ ਹੋ ਰਹੀ ਹੈ।
ਪ੍ਰੋਗਰਾਮ: ਆਰੰਭ ਸ੍ਰੀ ਅਖੰਡ ਪਾਠ ਸਾਹਿਬ 13 ਸਤੰਬਰ 10 ਵਜੇ ਅਤੇ ਭੋਗ 15 ਸਤੰਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਉਪਰੰਤ ਵੱਖ ਵੱਖ ਦੇਸ਼ਾਂ ਤੋਂ ਆਏ ਪੰਥਕ, ਰਾਜਨੀਤਕ ਅਤੇ ਧਾਰਮਿਕ ਬੁਲਾਰਿਆਂ ਦੇ ਨਾਲ ਪੰਥ ਦੇ ਮਹਾਨ ਕੀਰਤਨੀ, ਢਾਡੀ ਅਤੇ ਕਵੀਸ਼ਰੀ ਜਥੇ ਪਹੁੰਚ ਰਹੇ ਹਨ ।
ਸਮੂੰਹ ਸੰਗਤਾਂ ਨੂੰ ਸਨਿਮਰ ਬੇਨਤੀ ਹੈ ਕਿ 15 ਸਤੰਬਰ ਦਿਨ ਐਤਵਾਰ 10 ਵਜੇ ਕਨਵੈਨਸ਼ਨ ਵਿਚ ਪਹੁੰਚ ਕੇ ਪੰਥਕ ਵਿਚਾਰਾਂ ਸਰਵਣ ਕਰੋ ਜੀ ।
Sri Akhand Paath Sahib Arambh: Fri 13th at 10am
Bhog: Sun 15th at 10am
• Open invitation to all Panthic Organisations and Gurdwaras
• Special guest Panthic & Political speakers from the UK and Internationally
• Release of the 2023-24 SFUK Annual Report
40 YEARS
GURU NANAK GURDWARA
SEDGLEY ST, WOLVERHAMPTON
WV2-3AJ
ਖਾਲਿਸਤਾਨ
KHALISTAN
FOR FURTHER INFORMATION CONTACT:
Bhai Amrik Singh
Chairperson
07860 633 488
Bhai Kuldeep Singh
Vice Chairperson
07938 633 554
Contact your local Gurdwara regarding transport arrangements
Bhai Hardish Singh
Chief Organiser
07886 781724
Bhai Dabinderjit Singh
Principle Advisor
07485 039944
info@sikhfeduk.com www.sikhfeduk.com Sikh Federation UK @Sikhfeduk @SikhFed_UK

# ਸਿੱਖ ਫੈਡਰੇਸ਼ਨ ਯੂ.ਕੇ. ਦੀ 40ਵੀਂ ਸਾਲਾਨਾ ਅੰਤਰਰਾਸ਼ਟਰੀ ਸਿੱਖ ਕਨਵੈਨਸ਼ਨ 15 ਸਤੰਬਰ 2024 ਨੂੰ


ਸੰਤ ਜਰਨੈਲ ਸਿੰਘ ਭਿੰਡਰਾਂਵਾਲੇ

## ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜ਼ਲੀ ਸਟਰੀਟ, ਵੁਲਵਰਹੈਂਪਟਨ ਯੂ.ਕੇ. ਵਿਖੇ ਪਹੁੰਚਣ ਦਾ ਖੁੱਲ੍ਹਾ ਸੱਦਾ

ਗੁਰੂ ਪਿਆਰੀ ਸਾਧ ਸੰਗਤ ਜੀਓ

ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹਿ ॥

15 ਸਤੰਬਰ 2024 ਦਿਨ ਐਤਵਾਰ ਸਵੇਰੇ 10.00 ਵਜੇ ਤੋਂ ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜ਼ਲੀ ਸਟਰੀਟ, ਵੁਲਵਰਹੈਂਪਟਨ ਯੂ.ਕੇ. ਵਿਖੇ ਸਿੱਖ ਫੈਡਰੇਸ਼ਨ ਯੂ.ਕੇ. ਵਲੋਂ 40ਵੀਂ ਸਾਲਾਨਾ ਕਨਵੈਨਸ਼ਨ ਕਰਵਾਈ ਜਾ ਰਹੀ ਹੈ। ਸਿੱਖ ਫੈਡਰੇਸ਼ਨ (ਯੂ.ਕੇ.) ਦੀ ਰਾਜਸੀ ਅਗਵਾਈ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਇਸ ਦੇ ਜਥੇਬੰਦਕ ਢਾਂਚੇ ਵਿਚ ਕੀਤੀ ਜਾ ਰਹੀ ਤਬਦੀਲੀ ਦਾ ਐਲਾਨ ਕੀਤਾ ਜਾਵੇਗਾ। ਜਿਸ ਵਿਚ ਪੰਥ ਪ੍ਰਧਾਨੀ ਪ੍ਰਣਾਲੀ, ਰਾਸ਼ਟਰੀ ਕਾਰਜਕਾਰੀ ਟੀਮ, ਬਰਤਾਨਵੀ ਨੌਜਵਾਨਾਂ ਦੀ ਯੋਗ ਅਗਵਾਈ ਅਤੇ ਬੀਬੀਆਂ ਦੇ ਕੰਮਕਾਜੀ ਵਿੰਗ ਦਾ ਐਲਾਨ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸਿੱਖ ਆਗੂ ਹਰਦੀਪ ਸਿੰਘ ਨਿੱਜਰ ਦੇ ਕਤਲ, ਸਿੱਖ ਕਾਰਕੁੰਨਾਂ ਨੂੰ ਨਿਸ਼ਾਨਾ ਬਣਾਏ ਜਾਣ ਦੇ ਮਾਮਲਿਆਂ ਤੋਂ ਇਲਾਵਾ ਸਿੱਖ ਹੋਮਲੈਂਡ ਦੀ ਪੁਨਰ ਸਥਾਪਨਾ ਸੰਬੰਧੀ ਵਿਚਾਰ ਪੇਸ਼ ਕੀਤੇ ਜਾਣਗੇ। ਸਿੱਖ ਚੋਣ ਮਨੋਰਥ ਪੱਤਰ ਵਿਚ ਦਰਜ ਮੰਗਾਂ ਅਤੇ ਲੇਬਰ ਸਰਕਾਰ ਦੇ ਵਾਅਦਿਆਂ 'ਤੇ ਚਰਚਾ ਕੀਤੀ ਜਾਵੇਗੀ। ਆਜ਼ਾਦੀ ਪਸੰਦ ਅਤੇ ਸੰਘਰਸ਼ੀ ਬੁਲਾਰੇ ਵਿਸ਼ਵ ਭਰ ਤੋਂ ਪਹੁੰਚ ਰਹੇ ਹਨ।

Guru Nanak Sikh Gurdwara, Sedgley Street Wolverhampton, Ph : 01902 459413

**ਵਧੇਰੇ ਜਾਣਕਾਰੀ ਲਈ :**

ਭਾਈ ਅਮਰੀਕ ਸਿੰਘ ਗਿੱਲ ਚੇਅਰਮੈਨ 07860633488
ਭਾਈ ਕੁਲਦੀਪ ਸਿੰਘ ਸੀਨੀਅਰ ਵਾਈਸ ਚੇਅਰਮੈਨ 07938633554
ਭਾਈ ਨਰਿੰਦਰਜੀਤ ਸਿੰਘ ਥਾਂਦੀ ਜਨਰਲ ਸੈਕਟਰੀ 01474 536393
ਭਾਈ ਦਬਿੰਦਰਜੀਤ ਸਿੰਘ ਮੁੱਖ ਸਲਾਹਕਾਰ 07485039944
ਹਰਦੀਸ਼ ਸਿੰਘ ਮੁੱਖ ਪ੍ਰਬੰਧਕ 07886781724


ਸ਼ਹੀਦ ਭਾਈ ਅਮਰੀਕ ਸਿੰਘ

ਜਾਰੀ ਕਰਤਾ : ਸਿੱਖ ਫੈਡਰੇਸ਼ਨ ਯੂ.ਕੇ.

www.sikhfeduk.com
Email : info@sikhfeduk.com
Facebook/Sikh Federation UK
twitter@sikhfeduk



### ਸੀਈਪੀ ਨਿਪੁੰਨਤਾ ਮੁਲਾਂਕਣ ਅਭਿਆਨ ਸਮੇਂ ਅਤੇ ਪੈਸੇ ਦੀ ਬਰਬਾਦੀ- ਡੀ.ਟੀ.ਐਫ

# ਸਿੱਖਿਆ ਨੂੰ ਬੇਲੋੜੇ ਪ੍ਰੋਜੈਕਟਾਂ ਨਾਲ ਨੂੜਨਾ ਬੰਦ ਕੀਤਾ ਜਾਵੇ



ਤਲਵੰਡੀ ਸਾਬੋ, 14 ਸਤੰਬਰ (ਗੁਰਜੰਟ ਸਿੰਘ ਨਥੇਹਾ)- ਇੱਕ ਪਾਸੇ ਜਿੱਥੇ ਵਿਦਿਆਰਥੀਆਂ ਦੇ ਸਲਾਨਾ ਇਮਤਿਹਾਨਾਂ ਤੋਂ ਪਹਿਲਾਂ ਸਤੰਬਰ ਪ੍ਰੀਖਿਆਵਾਂ ਸਿਰ 'ਤੇ ਖੜ੍ਹੀਆਂ ਹਨ, ਦੂਜੇ ਪਾਸੇ ਸਿੱਖਿਆ ਵਿਭਾਗ ਵੱਲੋਂ ਇੱਕ ਹੋਰ ਨਵਾਂ ਅਭਿਆਨ ਅਧਿਆਪਕਾਂ ਸਿਰ ਮੜ੍ਹ ਦਿਤਾ ਗਿਆ ਹੈ। ਡੈਮੋਕਰੇਟਿਕ ਟੀਚਰਜ਼ ਫਰੰਟ ਪੰਜਾਬ ਜਿਲ੍ਹਾ ਬਠਿੰਡਾ ਦੇ ਪ੍ਰਧਾਨ ਰੇਸ਼ਮ ਸਿੰਘ ਖੇਮੋਆਣਾ, ਸਕੱਤਰ ਜਸਵਿੰਦਰ ਸਿੰਘ, ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ ਨੇ ਸਰਕਾਰੀ ਸਕੂਲਾਂ ਵਿਚ ਪੜ੍ਹ ਰਹੇ ਗ.ਰੀਬ, ਨਿਮਨ ਕਿਸਾਨੀ ਅਤੇ ਮੱਧ ਵਰਗੀ ਪਰਿਵਾਰਾਂ ਦੇ ਵਿਦਿਆਰਥੀਆਂ ਦੇ ਹੱਥਾਂ ਵਿੱਚੋਂ ਟੇਡੇ ਢੰਗ ਨਾਲ ਸਿੱਖਿਆ ਖੋਹਣ ਦੇ ਹੱਥਕੰਡਿਆਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਸਿੱਖਿਆ ਪ੍ਰਣਾਲੀ ਵਿੱਚ ਇਨਕਲਾਬੀ ਸੁਧਾਰ ਲਿਆਉਣ ਦੇ ਦਾਅਵੇ ਕਰਨ ਵਾਲੀ ਸੂਬਾ ਸਰਕਾਰ ਪਿਛਲੀਆਂ ਸਰਕਾਰਾਂ ਵਾਂਗੂੰ ਹੀ ਸਿੱਖਿਆ ਨੂੰ ਵੱਖ ਵੱਖ ਪ੍ਰੋਜੈਕਟਾਂ ਅਤੇ ਅਭਿਆਨਾਂ ਨਾਲ਼ ਬੰਨ੍ਹ ਕੇ ਚਲਾ ਰਹੀ ਹੈ। ਇਸ ਦਾ ਖਮਿਆਜ਼ਾ ਅਧਿਆਪਕ ਅਤੇ ਵਿਦਿਆਰਥੀ ਦੋਹਾਂ ਨੂੰ ਭੁਗਤਣਾ ਪੈ ਰਿਹਾ ਹੈ। ਮੀਤ ਪ੍ਰਧਾਨ ਵਿਕਾਸ ਗਰਗ, ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਖੇਮੂਆਣਾ, ਜਥੇਬੰਦਕ ਸਕੱਤਰ ਕੁਲਵਿੰਦਰ ਸਿੰਘ ਵਿਰਕ ਅਤੇ ਵਿੱਤ ਸਕੱਤਰ ਅਨਿਲ ਭੱਟ ਨੇ ਸਿੱਖਿਆ ਵਿਭਾਗ ਵੱਲੋਂ ਦਿੱਤੀ ਜਾ ਰਹੀ ਪ੍ਰੋਜੈਕਟਾਂ ਆਧਾਰਿਤ ਸਿੱਖਿਆ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਦੇ ਸਰਵ ਸਿੱਖਿਆ ਅਭਿਆਨ, ਕਦੇ ਪੜ੍ਹੋ ਪੰਜਾਬ, ਫ਼ਿਰ ਮਿਸ਼ਨ ਸਮਰੱਥ ਅਤੇ ਹੁਣ ਸੀਈਪੀ ਨਿਪੁੰਨਤਾ ਮੁਲਾਂਕਣ ਨੇ ਵਿਦਿਆਰਥੀਆਂ ਦੇ ਸਿਲੇਬਸ ਅਤੇ ਅਧਿਆਪਕਾਂ ਦੀ ਮੌਲਿਕਤਾ ਨੂੰ ਖੂੰਜੇ ਲਗਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਕੂਲਾਂ ਨੂੰ ਪੇਪਰ ਤੋਂ ਇੱਕ ਦਿਨ ਪਹਿਲਾਂ ਪੇਪਰ ਪ੍ਰਿੰਟ ਕਰਾਉਣ ਦਾ ਨਾਦਰਸ਼ਾਹੀ ਫ਼ੁਰਮਾਨ ਜਾਰੀ ਕੀਤਾ ਜਾਂਦਾ ਹੈ ਜਿਸਦਾ ਸਾਰਾ ਖ਼ਰਚ ਸਕੂਲ ਮੁਖੀ ਜਾਂ ਇੰਚਾਰਜ ਅਧਿਆਪਕ ਵੱਲੋਂ ਆਪਣੀ ਜ਼ੇਬ ਵਿੱਚੋਂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 100 ਵਿਦਿਆਰਥੀਆਂ ਦੀ ਗਿਣਤੀ ਵਾਲੇ ਸਕੂਲਾਂ ਦੇ ਲਗਭਗ ਪੰਜ, ਛੇ ਸੌ ਰੁਪਏ ਪੇਪਰ ਫੋਟੋ ਸਟੇਟ ਕਰਾਉਣ 'ਤੇ ਖ਼ਰਚ ਹੁੰਦੇ ਹਨ। ਪ੍ਰੰਤੂ ਸਿੱਖਿਆ ਵਿਭਾਗ ਵੱਲੋਂ ਹਾਲੇ ਤੱਕ ਖੋਟਾ ਪੈਸਾ ਵੀ ਸਕੂਲਾਂ ਨੂੰ ਜਾਰੀ ਨਹੀਂ ਕੀਤਾ ਗਿਆ। ਇਸ ਤੋਂ ਬਿਨਾਂ ਅਧਿਆਪਕ ਇੰਨਾ ਪੇਪਰਾਂ ਦੀ ਚੈਕਿੰਗ ਕਰਨ ਅਤੇ ਰਿਜਲਟ ਆਨ ਲਾਈਨ ਕਰਨ ਵਿੱਚ ਸਾਰਾ ਦਿਨ ਉਲਝੇ ਰਹਿੰਦੇ ਹਨ ਜਿਸ ਕਾਰਨ ਵਿਦਿਆਰਥੀਆਂ ਦੀ ਪੜ੍ਹਾਈ ਦਾ ਦੋਹਰਾ ਨੁਕਸਾਨ ਹੁੰਦਾ ਹੈ। ਸੁਬਾਈ ਆਗੂਆਂ ਨੇ ਮੰਗ ਕੀਤੀ ਕਿ ਇਨ੍ਹਾਂ ਬੇਲੋੜੇ ਪ੍ਰੋਜੈਕਟਾਂ ਨੂੰ ਤੁਰੰਤ ਬੰਦ ਕਰਕੇ ਅਧਿਆਪਕਾਂ ਨੂੰ ਸਿਲੇਬਸ ਕਰਾਉਂਣ ਦਿੱਤਾ ਜਾਵੇ ਤਾਂ ਜੋ ਵਿਦਿਆਰਥੀਆਂ ਨੂੰ ਗੁਣਾਤਮਕ ਸਿੱਖਿਆ ਦਿੱਤੀ ਜਾ ਸਕੇ। ਇਸ ਸਮੇਂ ਬਲਾਕ ਪ੍ਰਧਾਨ ਰਾਜਵਿੰਦਰ ਸਿੰਘ ਜਲਾਲ, ਭੋਲਾ ਰਾਮ ਤਲਵੰਡੀ, ਭੁਪਿੰਦਰ ਸਿੰਘ ਮਾਈਸਰਖਾਨਾ, ਬਲਕਰਨ ਕੋਟ ਸ਼ਮੀਰ, ਅਸ਼ਵਨੀ ਕੁਮਾਰ, ਰਣਦੀਪ ਕੌਰ ਖਾਲਸਾ, ਜਸਵਿੰਦਰ ਸੰਦੋਹਾ, ਗੁਰਜਿੰਦਰ ਸਿੰਘ, ਰਾਜੇਸ਼ ਕੁਮਾਰ, ਹਰਮੇਸ਼ ਕੁਮਾਰ, ਹਰਸ਼ਰਨ ਸਿੰਘ, ਜਗਤਾਰ ਗਿਆਨਾ ਅਤੇ ਬਲਜਿੰਦਰ ਕੌਰ ਨੇ ਸਰਕਾਰ ਤੋਂ ਮੰਗ ਕਰਦਿਆਂ ਤੁਰੰਤ ਅਜਿਹੇ ਪ੍ਰੋਜੈਕਟਾਂ ਅਤੇ ਤਜਰਬਿਆਂ ਨੂੰ ਬੰਦ ਕਰਨ ਦੀ ਅਪੀਲ ਕੀਤੀ ਤਾਂ ਜੋ ਬੱਚਿਆਂ ਅਤੇ ਅਧਿਆਪਕਾਂ ਦਾ ਸਮਾਂ ਅਤੇ ਐਨਰਜੀ ਖ਼ਰਾਬ ਹੋਣ ਤੋਂ ਬਚਾਇਆ ਜਾ ਸਕੇ।

### ਖੇਡਾਂ ਵਤਨ ਪੰਜਾਬ ਦੀਆਂ ਚ ਸੈਂਟ ਸੋਲਜਰ ਇਲੀਟ ਸਕੂਲ ਦੇ ਵਿਦਿਆਰਥੀਆਂ ਨੇ ਬਲਾਕ ਜੰਡਿਆਲਾ ਗੁਰੂ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ

# ਸਕੂਲ ਪਹੁੰਚਣ ਤੇ ਖਿਡਾਰੀਆਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ ਤੇ ਡਾ ਮੰਗਲ ਸਿੰਘ ਕਿਸ਼ਨਪੁਰੀ ਨੇ ਵਧਾਈ ਦਿੱਤੀ




ਜੰਡਿਆਲਾ ਗੁਰੂ 14 ਸਤੰਬਰ ( ਕੁਲਵੰਤ ਸਿੰਘ ਵਿਰਦੀ) ਖੇਡਾਂ ਵਤਨ ਪੰਜਾਬ ਦੀਆਂ ਵਿੱਚੋਂ ਜੋਨ ਪੱਧਰ ਤੇ ਮੁਕਾਬਲਿਆਂ ਵਿੱਚ ਸੈਂਟ ਸੋਲਜਰ ਸਕੂਲ ਜੰਡਿਆਲਾ ਗੁਰੂ ਨੇ ਹੁੰਝਾ ਫੇਰ ਜਿੱਤਾਂ ਪ੍ਰਾਪਤ ਕੀਤੀਆਂ ਜਿਸ ਵਿੱਚ ਸੇਂਟ ਸੋਲਜਰ ਦੇ ਬੱਚਿਆਂ ਨੇ 17 ਗੋਲਡ ਮੈਡਲ ,9 ਸਿਲਵਰ ਮੈਡਲ ਅਤੇ ਚਾਰ ਬਰੋਜ਼ ਮੈਡਲ ਜਿੱਤੇ ।26 ਮੈਡਲ ਜਿੱਤ ਕੇ ਸੈਂਟ ਸੋਲਜਰ ਸਕੂਲ ਜੰਡਿਆਲਾ ਗੁਰੂ ਬਲਾਕ ਵਿੱਚੋ ਪਹਿਲੇ ਨੰਬਰ ਤੇ ਰਿਹਾ ।26 ਵਿਦਿਆਰਥੀ ਜਿਲਾ ਪਧਰੀ ਖੇਡਾਂ ਵਤਨ ਪੰਜਾਬ ਦੀਆਂ ਵਾਸਤੇ ਸਲੈਕਟ ਹੋ ਗਏ । ਇਹਨਾਂ ਜਿੱਤਾਂ ਵਾਸਤੇ ਸੇਟ ਸੋਲਜਰ ਸਕੂਲ ਦੇ ਡੀਪੀਜ ਦਾ ਬਹੁਤ ਵੱਡਾ ਹੱਥ ਹੈ ਜਿਨਾਂ ਨੇ ਬੱਚਿਆਂ ਨੂੰ ਖੇਡਾਂ ਦੇ ਵਿੱਚ ਪੂਰੀ ਲਗਣ ਦੇ ਨਾਲ ਕੰਮ ਕਰਾਇਆ ਅਤੇ ਇਹ ਬੱਚੇ ਹਰ ਪੱਧਰ ਤੇ ਮੱਲਾ ਮਾਰ ਰਹੇ ਹਨ ।ਸਕੂਲ ਦੀਆਂ ਵਾਲੀਬਾਲ ਦੀਆਂ ਟੀਮਾਂ ਅੰਡਰ 14 ਅੰਡਰ 17 ਅੰਡਰ 19 ਨੇ ਦੂਜੀ ਪੋਜੀਸ਼ਨ ਹਾਸਿਲ ਕੀਤੀ ਇਸ ਤਰਾਂ ਮੈਡਲ ਪ੍ਰਾਪਤ ਕਰਨ ਵਾਲਿਆਂ ਦੀ ਸੂਚੀ ਹੇਠ ਲਿਖੇ ਅਨੁਸਾਰ ਹੈ। ਸਭ ਤੋਂ ਪਹਿਲਾਂ ਅੰਡਰ 14 ਦੇ ਵਿੱਚ ਇਬਾਦਤ ਕੌਰ ਫਸਟ ਪੁਜੀਸ਼ਨ ਸ਼ੋਰਟ ਪੁੱਟ, ਕੋਮਲਪ੍ਰੀਤ ਕੌਰ ਫਸਟ ਪੋਜੀਸ਼ਨ 600ਮੀਟਰ ਅਤੇ 100 ਮੀਟਰ, ਲਵਿਸ਼ ਫਸਟ ਪੁਜੀਸ਼ਨ 100 ਮੀਟਰ ਅਤੇ ਲੋਗ ਜੰਪ, ਨਵਰਾਜ ਸਿੰਘ ਸੈਕੰਡ ਪੁਜੀਸ਼ਨ 600 ਮੀਟਰ, ਸਹਜਦੀਪ ਸਿੰਘ ਥਰਡ ਪੁਜੀਸ਼ਨ ਲੋਂਗ ਜੰਪ, ਇਸੇ ਤਰ੍ਹਾਂ ਅੰਡਰ 17 ਦੀਆਂ ਖੇਡਾਂ ਵਿੱਚ ਸਾਖੋ ਫਸਟ ਪੁਜੀਸ਼ਨ ਲੋਂਗ ਜੰਪ, ਖੁਸ਼ਦੀਪ ਫਸਟ ਪੁਜੀਸ਼ਨ 400 ਮੀਟਰ, ਮਨਦੀਪ ਕੌਰ ਫਸਟ ਪੁਜੀਸ਼ਨ 800 ਮੀਟਰ ਅਤੇ ਥਰਡ ਪੁਜੀਸ਼ਨ 200 ਮੀਟਰ, ਪਰਨੀਤ ਕੌਰ ਫਸਟ ਪੁਜੀਸ਼ਨ 1500 ਮੀਟਰ ਅਤੇ ਸੈਕਿੰਡ ਪੋਜੀਸ਼ਨ 200 ਮੀਟਰ, ਸਰਤਾਜ ਸਿੰਘ ਫਸਟ ਪੁਜੀਸ਼ਨ ਸ਼ੋਰਟ ਪੁਟ ਅਤੇ 200 ਮੀਟਰ, ਚੰਨ ਵੀਰ ਫਸਟ ਪੁਜੀਸ਼ਨ 3000 ਮੀਟਰ, ਯੁਵਰਾਜ ਸਿੰਘ ਫਸਟ ਪਜੀਸ਼ਨ 400 ਮੀਟਰ ਅਤੇ ਸੈਕਿੰਡ ਪੋਜੀਸ਼ਨ 800 ਮੀਟਰ, ਗੁਰਨੂਰ ਸਿੰਘ ਫਸਟ ਪੁਜੀਸ਼ਨ 1500 ਮੀਟਰ, ਖੁਸ਼ਦੀਪ ਸਿੰਘ ਸੈਕੰਡ ਪੋਜੀਸ਼ਨ ਲੌਂਗ ਜੰਪ, ਕਮਲਪ੍ਰੀਤ ਕੌਰ ਸੈਕਿੰਡ ਪੁਜੀਸ਼ਨ 200 ਮੀਟਰ ਅਤੇ 100 ਮੀਟਰ, ਅਰਸ਼ਦੀਪ ਸਿੰਘ ਸੈਕੰਡ ਪੋਜੀਸ਼ਨ ਸ਼ਾਰਟਪੁਟ, ਸੁਖਮਨਪ੍ਰੀਤ ਸਿੰਘ ਸੈਕਿੰਡ ਪੁਜੀਸ਼ਨ ਲੋਗ ਜੰਪ ਅਤੇ ਸੈਕਿੰਡ ਪੁਜੀਸ਼ਨ 100 ਮੀਟਰ, ਲਵਲੀਨ ਕੌਰ ਥਰਡ ਪੁਜੀਸ਼ਨ ਸ਼ਾਰਟਪੁੱਟ। ਇਸੇ ਤਰ੍ਹਾਂ ਅੰਡਰ 19 ਦੀਆਂ ਖੇਡਾਂ ਵਿੱਚ ਵਾਰਿਸ ਬੀਰ ਸਿੰਘ ਫਸਟ ਪੁਜੀਸ਼ਨ ਸ਼ੋਰਟ ਪੁਟ, ਹਰਸ਼ਦੀਪ ਸਿੰਘ ਫਸਟ ਪੁਜੀਸ਼ਨ ਲੋਂਗ ਜੰਪ ਅਤੇ 200 ਮੀਟਰ, ਸਾਰਿਆਂ ਬੱਚਿਆਂ ਨੇ ਸ਼ਾਨਦਾਰ ਪੁਜੀਸ਼ਨ ਹਾਸਲ ਕੀਤੀਆਂ। ਸਕੂਲ ਪਹੁੰਚਣ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੇ ਬੱਚਿਆਂ ਦਾ ਸ਼ਾਨਦਾਰ ਸਵਾਗਤ ਕੀਤਾ ਅਤੇ ਵਧਾਈ ਦਿੱਤੀ ।ਉਹਨਾਂ ਨੇ ਬੱਚਿਆਂ ਅਤੇ ਸਪੋਰਟਸ ਡਿਪਾਰਟਮੈਂਟ ਦੇ ਸਾਰੇ ਅਧਿਆਪਕਾਂ ਦੀ ਮਿਹਨਤ ਦੀ ਸਰਾਹਨਾ ਕੀਤੀ ਅਤੇ ਅੱਗੇ ਤੋਂ ਹੋਰ ਮਿਹਨਤ ਕਰਨ ਲਈ ਪ੍ਰੇਰਿਆ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ ਜੀ ਕੋਡੀਨੇਟਰ, ਨੀਲਾਕਸੀ ਗੁਪਤਾ, ਪ੍ਰਿੰਕਾ ਸ਼ਰਮਾ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ

# ਸਿਰਫ਼ ਡਾਕਟਰਾਂ ਨੂੰ ਹੀ ਨਹੀਂ ਬਲਕਿ ਸਿਹਤ ਵਿਭਾਗ ਵਿੱਚ ਕੰਮ ਕਰਨ ਵਾਲੀ ਹਰ ਮਹਿਲਾ ਨੂੰ ਮਿਲਣਾ ਚਾਹੀਦਾ ਹੈ ਸੁਰੱਖਿਆ ਦਾ ਭਰੋਸਾ : ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ



ਚੌਕ ਮਹਿਤਾ14 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਦੇ ਸਟੇਟ ਪ੍ਰਧਾਨ ਅਚਾਰੀਆ ਗੁਰੂ ਮੀਤ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ, ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਡਾਕਟਰਾਂ ਦੇ ਮੁਕਾਬਲੇ ਦਰਜਾ ਤਿੰਨ ਅਤੇ ਦਰਜਾ ਚਾਰ ਵਿੱਚ ਮਹਿਲਾ ਸਟਾਫ ਦੀ ਬਹੁਤਾਤ ਛੇ ਗੁਣਾਂ ਜਿਆਦਾ ਹੈ। ਹਸਪਤਾਲ ਦੇ ਵਿੱਚ ਲਗਭਗ 150 ਤੋਂ ਵੱਧ ਮਹਿਲਾ ਕਰਮਚਾਰਨਾਂ , ਪੈਰਾ ਮੈਡੀਕਲ ਸਟਾਫ ਕੰਮ ਕਰਦਾ ਹੈ। ਇਸ ਲਈ ਸੁਰੱਖਿਆ ਸਿਰਫ ਡਾਕਟਰਾਂ ਨੂੰ ਹੀ ਨਹੀਂ ਚਾਹੀਦੀ ਹੈ, ਬਲਕਿ ਇਹ ਸੁਰੱਖਿਆ ਸਾਰੀਆਂ ਮਹਿਲਾ ਸਟਾਫ ਦਾ ਹੈ, ਸੁਰੱਖਿਆ ਦੀ ਹੱਕਦਾਰ ਹਰੇਕ ਔਰਤ ਹੈ। ਹਰ ਮਹਿਲਾ ਦੀ ਸੁਰੱਖਿਆ ਯਕੀਨਨ ਹੋਣੀ ਚਾਹੀਦੀ ਹੈ। ਜਿਥੋਂ ਤੱਕ ਕਿ ਏ ਸੀ ਪੀ 4-9-14 ਸਾਲਾਂ ਤਰੱਕੀ ਦਾ ਸਵਾਲ ਹੈ ਤਾਂ ਉਸ ਦਾ ਗੱਲਬਾਤ ਰਾਹੀਂ ਸ਼ਾਂਤਮਈ ਢੰਗ ਅਪਣਾ ਕੇ ਸਰਕਾਰ ਪਾਸੋਂ 4 -9 -14 ਸਾਲਾਂ ਤਰੱਕੀ ਦੀ ਮੰਗ ਕਰਨੀ ਚਾਹੀਦੀ ਹੈ। ਸਿਹਤ ਵਿਭਾਗ ਵਿੱਚ ਕੰਮ ਕਰਨ ਵਾਲੀ ਹਰ ਮਹਿਲਾ ਦੀ ਸੁਰਕਸ਼ਾ ਨੂੰ ਯਕੀਨਨ ਬਣਾਉਣਾ ਚਾਹੀਦਾ ਹੈ । ਸਰਕਾਰ ਤੋਂ ਜੇਕਰ ਕੋਈ ਮੰਗ ਹੈ ਤਾਂ ਉਸਦਾ ਗੱਲਬਾਤ ਰਾਹੀਂ ਸ਼ਾਂਤੀ ਪ੍ਰਸਤਾਵ ਸ਼ਾਂਤਮਈ ਢੰਗ ਅਪਣਾਉਣਾ ਚਾਹੀਦਾ ਹੈ। ਇਸਦੇ ਮੱਦੇਨਜ਼ਰ ਪੰਜਾਬ ਸਰਕਾਰ ਨੂੰ ਅਤੇ ਪ੍ਰਸ਼ਾਸਨ ਨੂੰ ਅਪੀਲ ਕਰਦੇ ਹਾਂ ਕਿ, ਸਿਵਲ ਹਸਪਤਾਲ ਅੰਮ੍ਰਿਤਸਰ ਦੀਆਂ ਬਾਹਰਲੀਆਂ ਦੀਵਾਰਾਂ ਨੂੰ ਉੱਚਾ ਚੁੱਕਣ ਚਾਹੀਦਾ ਹੈ, ਸਿਵਲ ਹਸਪਤਾਲ ਦੇ ਚਾਰ ਚੁਫੇਰੇ ਸੀ ਸੀ ਟੀ ਵੀ ਕੈਮਰੇ ਲਗਵਾਏ ਜਾਣ।

## ਅਰਵਿੰਦ ਕੇਜਰੀਵਾਲ ਨੂੰ ਜ਼ਮਾਨਤ ਮਿਲਣਾ ਤਾਨਾਸ਼ਾਹੀ ਦੇ ਖਿਲਾਫ ਲੋਕ ਤੰਤਰ ਦੀ ਜਿੱਤ : ਜਸਪ੍ਰੀਤ ਸਿੰਘ

**ਚੌਕ ਮਹਿਤਾ, 14 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜਦੋਂ ਵੀ ਕਿਸੇ ਨੇ ਸੱਚ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਤਾਂ ਇੱਕ ਨਾ ਇੱਕ ਦਿਨ ਸੱਚ ਸਾਹਮਣੇ ਆ ਹੀ ਜਾਂਦਾ ਹੈ ਅਤੇ ਝੂਠ ਬੋਲਣ ਵਾਲਿਆਂ ਨੂੰ ਹਾਰ ਦਾ ਸਾਹਮਣਾ ਕਰਨਾ ਪੈਂਦਾ ਹੈ। ਜਿਨ੍ਹਾਂ ਲੋਕਾਂ ਨੇ ਅਰਵਿੰਦ ਕੇਜਰੀਵਾਲ ਨੂੰ ਝੂਠੇ ਕੇਸ ਵਿੱਚ ਫਸਾ ਲੰਮਾ ਸਮਾਂ ਜੇਲ੍ਹ ਵਿੱਚ ਰੱਖਿਆ ਉਹ ਸਮਝ ਗਏ ਹੋਣਗੇ ਕਿ ਜਿਸ ਦੇ ਨਾਲ ਰੱਬ ਹੈ ਉਹ ਕਦੇ ਹਾਰਦਾ ਨਹੀਂ ਇਹਨਾਂ ਸ਼ਬਦਾ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ੍ਰ ਜਸਪ੍ਰੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਾਂਝਾ ਕੀਤਾ ਉਨ੍ਹਾਂ ਕਿਹਾ ਕਿ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰਕੇ ਲੋਕਾਂ ਨੂੰ ਆਪਣਾ ਜੀਵਨ ਸਮਰਪਿਤ ਕਰਨ ਵਾਲੇ ਵਿਅਕਤੀ ਨੂੰ ਖਤਮ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ ਹਨ ਪਰ ਜਦੋਂ ਵੀ ਕੇਜਰੀਵਾਲ ਨੂੰ ਤੰਗ ਪ੍ਰੇਸ਼ਾਨ ਕੀਤਾ ਗਿਆ ਹੈ ਤਾਂ ਉਹ ਮਜ਼ਬੂਤ ਹੋ ਕੇ ਸਾਹਮਣੇ ਆਏ ਨੇ ਜਸਪ੍ਰੀਤ ਸਿੰਘ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਇੱਕ ਅਜਿਹੇ ਵਿਅਕਤੀ ਹਨ ਜਿਨ੍ਹਾਂ ਦਾ ਇੱਕੋ ਇੱਕ ਉਦੇਸ਼ ਜਨਤਾ ਦੀ ਸੇਵਾ ਕਰਨਾ ਹੈ ਅਤੇ ਭਾਵੇਂ ਦਿੱਲੀ ਦੀ ਕੇਂਦਰ ਸਰਕਾਰ ਉਨ੍ਹਾਂ ਦੀ ਸੋਚ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ ਪਰ ਉਹ ਕਦੇ ਵੀ ਕਾਮਯਾਬ ਨਹੀਂ ਹੋਣਗੇ।



## ਗੁਰੂ ਕਾਸ਼ੀ ਯੂਨੀਵਰਸਿਟੀ ਨੇ ਮਨਾਇਆ "ਹਿੰਦੀ ਦਿਵਸ"



ਤਲਵੰਡੀ ਸਾਬੋ, 14 ਸਤੰਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਹਿਊਮੈਨਟੀਜ਼ ਐਂਡ ਲੈਂਗੂਏਜਜ਼ ਦੇ ਹਿੰਦੀ ਵਿਭਾਗ ਵੱਲੋਂ ਉਪ ਕੁਲਪਤੀ ਪ੍ਰੋ. (ਡਾ.) ਐਸ.ਕੇ.ਬਾਵਾ ਦੀ ਪ੍ਰੇਰਣਾ ਸਦਕਾ ਹਿੰਦੀ ਦਿਵਸ ਮੌਕੇ "ਹਿੰਦੀ ਬਨਾਮ ਖੇਤਰੀ ਭਾਸ਼ਾਵਾਂ" ਵਿਸ਼ੇ 'ਤੇ ਡਾ. ਰਾਕੇਸ਼ ਕੁਮਾਰ ਸਿੰਘ, ਵਿਭਾਗ ਮੁਖੀ ਦੀ ਰਹਿਨੁਮਾਈ ਹੇਠ ਇੱਕ ਵੈਬੀਨਾਰ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਵਿਸ਼ੇਸ਼ ਮਹਿਮਾਨ ਤੇ ਕੁੰਜੀਵੱਤ ਬੁਲਾਰੇ ਪ੍ਰੋ. (ਡਾ.) ਪ੍ਰਭਾਕਰ ਸਿੰਘ, ਕਾਸ਼ੀ ਹਿੰਦੂ ਯੂਨੀਵਰਸਿਟੀ ਵਾਰਾਨਸੀ ਨੇ ਕਿਹਾ ਕਿ ਹਿੰਦੀ ਤੇ ਖੇਤਰੀ ਭਾਸ਼ਾਵਾਂ ਦੀ ਸੰਰਚਨਾ ਨੂੰ ਸਮਝਣ ਦੇ ਲਈ ਪਹਿਲਾਂ ਵੱਖ-ਵੱਖ ਖੇਤਰਾਂ ਦੇ ਲੋਕਾਂ ਦੇ ਦਿਲਾਂ ਨੂੰ ਸਮਝਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਭਾਰਤ ਇੱਕ ਬਹੁ-ਭਾਸ਼ਾਈ ਦੇਸ਼ ਹੈ, ਜਿਸ ਵਿੱਚ ਵੱਖ-ਵੱਖ ਸੱਭਿਆਚਾਰ, ਸੰਸਕ੍ਰਿਤੀ, ਪਹਿਰਾਵੇ ਅਤੇ ਰੀਤੀ ਰਿਵਾਜਾਂ ਵਾਲੇ ਲੋਕ ਰਹਿੰਦੇ ਹਨ। ਇਸ ਲਈ ਭਾਰਤ ਇੱਕ ਵਿਸ਼ਾਲ ਬਗੀਚੇ ਦੇ ਵਾਂਗ ਹੈ ਜਿਸ ਵਿੱਚ ਵੱਖ ਖੁਸ਼ਬੂ ਅਤੇ ਰੰਗਾਂ ਦੇ ਫੁੱਲ ਵਿਰਾਜਮਾਨ ਹਨ। ਉਨ੍ਹਾਂ ਡਾ. ਰਾਮਵਿਲਾਸ ਸ਼ਰਮਾ ਵੱਲੋਂ ਇਸ ਵਿਸ਼ੇ ਤੇ ਲਿਖੀਆਂ ਗਈਆਂ ਸਤਰਾਂ ਦਾ ਉਦਾਹਰਣ ਦਿੰਦੇ ਹੋਏ ਭਾਸ਼ਾ ਦੇ ਵਿਕਾਸ ਦੇ ਸਫ਼ਰ ਦੀ ਗੱਲ ਕਰਦਿਆਂ ਇਸ ਦੀ ਵਰਤਮਾਨ ਪਾਠਨ ਸ਼ੈਲੀ ਬਾਰੇ ਨੁਕਤੇ ਸਾਂਝੇ ਕੀਤੇ। ਸੈਮੀਨਾਰ ਦੇ ਦੂਜੇ ਮੁੱਖ ਬੁਲਾਰੇ ਡਾ. ਰਾਮ ਪ੍ਰਤਾਪ ਨੀਰਜ ਨੇ ਭਾਰਤੀ ਬੋਲੀਆਂ ਵਿਸ਼ੇਸ਼ ਤੌਰ 'ਤੇ ਭੋਜਪੁਰੀ, ਮਗਧੀ ਅਤੇ ਮੈਥਿਲੀ ਦਾ ਵਿਸ਼ਲੇਸ਼ਨ ਕਰਦੇ ਹੋਏ ਹਿੰਦੀ ਦੇ ਵਿਸਥਾਰ ਖੇਤਰ ਬਾਰੇ ਜਾਣਕਾਰੀ ਦਿੱਤੀ। ਡਾ. ਪ੍ਰਦੀਪ ਕੌੜਾ, ਡੀਨ ਨੇ ਆਪਣੇ ਸਵਾਗਤੀ ਭਾਸ਼ਣ ਵਿੱਚ 'ਵਰਸਿਟੀ ਪ੍ਰਬੰਧਕਾਂ ਅਤੇ ਆਯੋਜਕਾਂ ਨੂੰ ਹਿੰਦੀ ਦਿਵਸ ਦੀ ਵਧਾਈ ਦਿੰਦੇ ਹੋਏ ਇਸ ਦੇ ਇਤਿਹਾਸ ਅਤੇ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਹਿੱਸਾ ਲਿਆ।

ਖੇਡਾਂ ਵਤਨ ਪੰਜਾਬ ਦੀਆਂ ਅਤੇ ਵਿਭਾਗ ਵੱਲੋਂ ਕਰਵਾਈਆਂ

# ਜਿਲ੍ਹਾ ਪੱਧਰੀ ਸਕੂਲੀ ਖੇਡਾਂ ਵਿੱਚ ਖਾਲਸਾ ਸਕੂਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ




**ਤਲਵੰਡੀ ਸਾਬੋ, 14 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਅਤੇ ਸਿੱਖਿਆ ਵਿਭਾਗ ਵੱਲੋਂ ਕਰਵਾਈਆਂ ਜਿਲ੍ਹਾ ਪੱਧਰੀ ਸਕੂਲੀ ਖੇਡਾਂ ਵਿੱਚ ਖਾਲਸਾ ਸਕੂਲ ਤਲਵੰਡੀ ਸਾਬੋ ਦੇ ਖਿਡਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ, ਫੁੱਟਬਾਲ ਅੰਡਰ-17 ਨੇ ਪਹਿਲਾ ਸਥਾਨ, ਅੰਡਰ-14 ਨੇ ਤੀਸਰਾ ਸਥਾਨ, ਕਬੱਡੀ ਸਰਕਲ-ਅੰਡਰ-19 ਨੇ ਪਹਿਲਾ ਸਥਾਨ, ਕਬੱਡੀ ਸਰਕਲ-17 ਨੇ ਦੂਸਰਾ ਸਥਾਨ, ਗੱਤਕਾ ਅੰਡਰ-19 (ਫ੍ਰੀ ਸੋਟੀ ਟੀਮ) ਗੁਰਕੀਰਤ ਸਿੰਘ (ਬਾਰਵੀਂ) ਨੇ ਗੋਲਡ, ਅਮਨਦੀਪ ਸਿੰਘ (ਬਾਰਵੀਂ) ਨੇ ਗੋਲਡ, ਮਨਜੋਤ ਸਿੰਘ (ਗਿਆਰਵੀਂ) ਨੇ ਗੋਲਡ ਅਤੇ ਮੰਨਤ ਸਿੰਘ (ਗਿਆਰਵੀਂ) ਨੇ ਗੋਲਡ ਅਤੇ ਸੁਖਵੀਰ ਸਿੰਘ (ਗਿਆਰਵੀਂ) ਨੇ ਸਿਲਵਰ ਤਗਮੇ ਪ੍ਰਾਪਤ ਕੀਤੇ, ਅੰਡਰ-14 (ਟੀਮ ਡੈਮੋ) ਦੂਸਰਾ ਸਥਾਨ ਹਾਸਲ ਕੀਤਾ, ਬਾਕਸਿੰਗ ਵਿੱਚੋਂ ਅੰਡਰ-19 ਜਗਤਾਰ ਸਿੰਘ (ਬਾਰਵੀਂ ਸ਼੍ਰੇਣੀ) ਨੇ ਗੋਲਡ, ਭਵਜੀਤ (ਬਾਰਵੀਂ ਸ਼੍ਰੇਣੀ) ਸਿੰਘ ਨੇ ਗੋਲਡ ਅਤੇ ਇੰਦਰਜੀਤ ਸਿੰਘ (ਬਾਰਵੀਂ ਸ਼੍ਰੇਣੀ) ਨੇ ਗੋਲਡ ਤਗਮੇ ਪ੍ਰਾਪਤ ਕੀਤੇ ਕੀਤੇ, ਬਾਕਸਿੰਗ ਅੰਡਰ-17 ਵਿੱਚੋਂ ਸਾਹਿਲ (ਨੌਵੀਂ ਸ਼੍ਰੇਣੀ) ਨੇ ਗੋਲਡ ਅਤੇ ਸੁਖਪ੍ਰੀਤ ਸਿੰਘ (ਗਿਆਰਵੀਂ ਸ਼੍ਰੇਣੀ) ਨੇ ਗੋਲਡ, ਅਜੈ ਸਿੰਘ (ਨੌਵੀਂ) ਨੇ ਸਿਲਵਰ ਅਤੇ ਏਕਮ ਨੇ ਬਰਾਊਨਜ਼ ਤਗਮੇ ਪ੍ਰਾਪਤ ਕੀਤੇ, ਬਾਕਸਿੰਗ ਅੰਡਰ-14 ਵਿੱਚੋਂ ਲੱਕੀ ਸਿੰਘ (ਸੱਤਵੀਂ) ਨੇ ਗੋਲਡ ਅਤੇ ਹਰਮਨਦੀਪ ਸਿੰਘ ਨੇ ਗੋਲਡ ਮਹਿਕਦੀਪ ਨੇ ਸਿਲਵਰ ਰਾਹੁਲ ਨੇ ਸਿਲਵਰ, ਮਨਿੰਦਰ ਸਿੰਘ ਨੇ ਬਰਾਊਨਜ਼, ਸੁਖਮਨਦੀਪ ਸਿੰਘ ਬਰਾਊਨਜ਼ ਤਗਮੇ ਪ੍ਰਾਪਤ ਕੀਤੇ ਤਿੰਨ ਸਿਲਵਰ ਅਤੇ 4 ਬ੍ਰੋਨਜ ਮੈਡਲ ਹਾਸਲ ਕੀਤੇ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਪ੍ਰਧਾਨ ਛੋਟਾ ਸਿੰਘ, ਮੈਨੇਜਰ ਰਣਜੀਤ ਸਿੰਘ ਮਲਕਾਣਾ, ਸਕੱਤਰ ਜਸਵਿੰਦਰ ਸਿੰਘ, ਮੀਤ ਪ੍ਰਧਾਨ ਭੁਪਿੰਦਰ ਸਿੰਘ, ਕਮੇਟੀ ਮੈਂਬਰ ਸ. ਸੁਖਵੀਰ ਸਿੰਘ ਮਾਨ ਅਤੇ ਸਮੂਹ ਕਮੇਟੀ ਨੇ ਸਕੂਲ ਪ੍ਰਿੰਸੀਪਲ ਸ. ਬਿਕਰਮਜੀਤ ਸਿੰਘ ਸਿੱਧੂ ਅਤੇ ਸਰੀਰਕ ਸਿੱਖਿਆ ਅਧਿਆਪਕ ਹਰਪਾਲ ਸਿੰਘ ਅਤੇ ਸਮੂਹ ਸਟਾਫ ਅਤੇ ਖਿਡਾਰੀਆਂ ਨੂੰ ਇਸ ਸ਼ਾਨਦਾਰ ਪ੍ਰਦਰਸ਼ਨ ਲਈ ਮੁਬਾਰਕਬਾਦ ਦਿੱਤੀ ਅਤੇ ਸਾਰੇ ਖਿਡਾਰੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸ਼੍ਰੀਮਤੀ ਸੁਖਪਾਲ ਕੌਰ ਇੰਚਾਰਜ ਪ੍ਰਾਇਮਰੀ ਵਿਭਾਗ, ਸ਼੍ਰੀਮਤੀ ਜਸਵਿੰਦਰ ਕੌਰ, ਸ਼੍ਰੀਮਤੀ ਗੁਰਮੀਤ ਕੌਰ ਪ੍ਰਿੰਸੀਪਲ ਖਾਲਸਾ ਸਕੂਲ ਗਰਲਜ਼, ਸ਼੍ਰੀਮਤੀ ਯਾਦਵਿੰਦਰ ਕੌਰ ਵਾਈਸ ਪ੍ਰਿੰਸੀਪਲ ਖਾਲਸਾ ਸਕੂਲ ਗਰਲਜ਼, ਸ਼੍ਰੀਮਤੀ ਜਸਵੀਰ ਕੌਰ, ਸ਼੍ਰੀਮਤੀ ਅਰੁਨਦੀਪ, ਗਗਨਦੀਪ ਸਿੰਘ, ਸਤਨਾਮ ਸਿੰਘ, ਗੁਰਸੰਦੀਪ ਸਿੰਘ, ਕਰਮਜੀਤ ਸਿੰਘ, ਹਰਦੀਪ ਸਿੰਘ, ਸ਼੍ਰੀਮਤੀ ਮਨਪ੍ਰੀਤ ਕੌਰ, ਸ਼੍ਰੀਮਤੀ ਪਰਮਜੀਤ ਕੌਰ, ਸ਼੍ਰੀਮਤੀ ਕੁਲਦੀਪ ਕੌਰ, ਸ਼੍ਰੀਮਤੀ ਗੁਰਜੀਤ ਕੌਰ ਅਦਿ ਮੌਜੂਦ ਰਹੇ।

ਗੁਰਦੁਆਰਾ ਠਾਠ ਨਾਨਕਸਰ ਪਿੰਡ ਚੱਕ ਘੁਬਾਈ ਛਾਂਗਾ ਖੁਰਦ ਮਮਦੋਟ ਵਿਖੇ ਜੋਤੀ ਜੋਤ ਦਿਵਸ ਧੰਨ ਸ਼੍ਰੀ ਗੁਰੂ ਅਮਰਦਾਸ ਜੀ, ਧੰਨ ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਦੀ ਮਿੱਠੀ ਯਾਦ ਵਿਚ

# ਸਾਲਾਨਾ ਮਹਾਨ ਗੁਰਮੀਤ ਜਪ ਤਪ ਸਮਾਗਮ 20 ਸਤੰਬਰ ਨੂੰ: ਸੰਤ ਬਾਬਾ ਸੁੱਚਾ ਸਿੰਘ ਜੀ



**ਫ਼ਿਰੋਜ਼ਪੁਰ 14 ਸਤੰਬਰ (ਮਨੋਹਰ ਲਾਲ):** ਗੁਰਦੁਆਰਾ ਠਾਠ ਨਾਨਕਸਰ ਪਿੰਡ ਚੱਕ ਘੁਬਾਈ ਛਾਂਗਾ ਖੁਰਦ ਮਮਦੋਟ ਵਿਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਜੋਤੀ ਜੋਤ ਦਿਵਸ ਧੰਨ ਸ੍ਰੀ ਗੁਰੂ ਅਮਰਦਾਸ ਜੀ, ਧੰਨ ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਦੀ ਮਿੱਠੀ ਯਾਦ ਵਿਚ ਸਲਾਨਾ ਮਹਾਨ ਗੁਰਮਤਿ ਜਪ ਤਪ ਸਗਾਮ 20 ਸਤੰਬਰ 2024 (5 ਅੱਸੂ) ਦਿਨ ਸ਼ੁੱਕਰਵਾਰ ਨੂੰ ਕਰਵਾਏ ਜਾ ਰਹੇ ਹਨ। ਇਹ ਜਾਣਗਾਰੀ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਜੋਤੀ ਜੋਤ ਦਿਵਸ ਧੰਨ ਧੰਨ ਸ੍ਰੀ ਗੁਰੂ ਅਮਰਦਾਸ ਜੀ ਅਤੇ ਧੰਨ ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਦੀ ਮਿੱਠੀ ਯਾਦ ਵਿਚ ਗੁਰਦੁਆਰਾ ਠਾਠ ਨਾਨਕਸਰ ਪਿੰਡ ਘੁਬਾਈ, ਛਾਂਗਾ ਖੁਰਦ, ਮਮਦੋਟ ਵਿਖੇ ਸਲਾਨਾ ਮਹਾਨ ਗੁਰਮਤਿ ਜਪ ਤਪ ਸਮਾਗਮ ਨੂੰ ਸਮਰਪਿਤ ਅਤੇ ਸਰਬੱਤ ਦੇ ਭਲੇ ਲਈ ਇਕ ਸਤੰਬਰ ਤੋਂ ਸ੍ਰੀ ਮਹਾਂ ਸੰਪਟ ਆਰੰਭ ਹਨ, ਜਿਨ੍ਹਾਂ ਦੇ ਸ੍ਰੀ ਅਖੰਡ ਪਾਠਾਂ ਦੇ ਭੋਗ 20 ਸਤੰਬਰ 2024 (5 ਅੱਸੂ) ਦਿਨ ਸ਼ੁੱਕਰਵਾਰ ਨੂੰ ਸਵੇਰੇ 10 ਵਜੇ ਪਾਏ ਜਾਣਗੇ ਅਤੇ 10 ਵਜੇ ਤੋਂ 5 ਵਜੇ ਤੱਕ ਕੀਰਤਨ ਦਰਬਾਰ ਸਜਾਏ ਜਾਣਗੇ। ਇਸ ਸਲਾਨਾ ਮਹਾਨ ਗੁਰਮਤਿ ਜਪ ਤਪ ਸਮਾਗਮ ਵਿਚ ਸੰਤ ਮਹਾਂਪੁਰਸ਼ ਗੁਣੀ ਗਿਆਨੀ, ਵਿਦਵਾਨ, ਕਥਾ ਵਾਚਕ, ਰਾਗੀ ਢਾਡੀ ਸੰਗਤਾਂ ਨੂੰ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਮੌਜੂਦਾ ਮਹਾਂਪੁਰਸ਼ ਸ੍ਰੀਮਾਨ ਸੰਤ ਬਾਬਾ ਗੁਰਜੀਤ ਸਿੰਘ ਜੀ ਨਾਨਕਸਰ ਕਲੇਰਾ ਵਾਲੇ, ਸ੍ਰੀਮਾਨ ਸੰਤ ਬਾਬਾ ਗੁਰਚਰਨ ਸਿੰਘ ਜੀ ਨਾਨਕਸਰ ਕਲੇਰਾ ਵਾਲੇ, ਸ੍ਰੀਮਾਨ ਸੰਤ ਬਾਬਾ ਸੁਖਦੇਵ ਸਿੰਘ ਜੀ ਭੁਚੋ ਸਾਹਿਬ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਸੰਗਤਾਂ ਨੂੰ ਦਰਸ਼ਨ ਦੇਣਗੇ। ਇਸ ਸਲਾਨਾ ਮਹਾਨ ਗੁਰਮਤਿ ਜਪ ਤਪ ਸਮਾਗਮ ਵਿਚ ਸਿੰਘ ਸਾਹਿਬ ਗਿਆਨੀ ਰਾਜਬੀਰ ਸਿੰਘ ਜੀ ਹੈੱਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਵੀ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਸ਼੍ਰੀ ਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਦਲ ਪੰਥ ਬਾਬਾ ਬਿਧੀ ਚੰਨ ਛੀਨਾ, ਗੁਰੂ ਕਾ ਸੀਨਾ, ਸੰਤ ਬਾਬਾ ਸੇਵਾ ਸਿੰਘ ਜੀ ਨਾਨਕਸਰ ਕਲੇਰਾ ਵਾਲੇ, ਸੰਤ ਬਾਬਾ ਹਰੀ ਸਿੰਘ ਜੀ ਜ਼ੀਰੇ ਵਾਲੇ, ਸੰਤ ਬਾਬਾ ਲਖਬੀਰ ਸਿੰਘ ਜੀ ਨਾਨਕਸਰ ਵੜੈਚ, ਸੰਤ ਬਾਬਾ ਹਰੀ ਸਿੰਘ ਜੀ ਹਰੀਕੇ ਪੱਤਣ ਵਾਲੇ, ਸੰਤ ਬਾਬਾ ਸ਼ੇਰ ਸਿੰਘ ਜੀ ਨਾਨਕਸਰ ਮਸੀਤਾ ਵਾਲੇ, ਸੰਤ ਬਾਬਾ ਜੁਗਰਾਜ ਸਿੰਘ ਜੀ ਸੁਧਾਰਾ ਨਾਨਕਸਰ ਵਾਲੇ, ਸੰਤ ਬਾਬਾ ਭਗਤ ਮਿਲਖਾ ਸਿੰਘ ਜੀ ਅਰਮਾਨਪੁਰਾ ਵਾਲੇ, ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲੇ, ਭਾਈ ਸਾਹਿਬ ਭਾਈ ਸੁਖਦੇਵ ਸਿੰਘ ਜੀ ਮੁਖ ਬੁਲਾਰਾ ਦਮਦਮੀ ਟਕਸਾਲ, ਭਾਈ ਦਵਿੰਦਰ ਸਿੰਘ ਜੀ ਸੋਢੀ ਲੁਧਿਆਣੇ ਵਾਲੇ, ਬਾਬਾ ਤਜਿੰਦਰ ਸਿੰਘ ਜੀ ਜਿੰਦੂ ਨਾਨਕਸਰ ਕਲੇਰਾ ਵਾਲੇ, ਭਾਈ ਧਰਮਪ੍ਰੀਤ ਸਿੰਘ ਜੀ ਖਾਲਸਾ ਨੱਥਮਲਪੁਰ ਵਾਲੇ, ਭਾਈ ਹਰਪ੍ਰੀਤ ਸਿੰਘ ਜੀ ਭੁਚੋ ਸਾਹਿਬ ਵਾਲੇ, ਗੁਰੂ ਪਿਆਰਾ ਨਾਨਕ ਸਿੰਘ ਜੀ ਨਾਨਕਸਰ ਮੰਦਰ ਮੁਹਾਰ ਵਾਲੇ, ਬਾਬਾ ਬਲਜੀਤ ਸਿੰਘ ਜੀ ਗੁਰਦੁਆਰਾ ਠਾਠ ਸੇਰ ਮੁਹੰਮਦ, ਮਾਤਾ ਵਿਪਨ ਪ੍ਰੀਤ ਕੌਰ ਜੀ ਕੀਰਤਨ ਜਥਾ ਲੁਧਿਆਣੇ ਵਾਲੇ, ਭਾਈ ਰਛਪਾਲ ਸਿੰਘ ਜੀ ਝੋਕ ਮੋਹੜੇ, ਦਮਮਦੀ ਟਕਸਾਲ, ਗਿਆਨੀ ਭਾਈ ਬੋਹੜ ਸਿੰਘ ਜੀ ਢਾਡੀ ਜਥਾ ਬਾਰੇ ਕੇ ਵਾਲੇ, ਹਜ਼ੂਰੀ ਰਾਗੀ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਜੋਗਾ ਸਿੰਘ, ਭਾਈ ਚੰਨ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ ਜੀ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਬਾਬਾ ਜੀ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ 12 ਵਜੇ ਅਮ੍ਰਿਤ ਸੰਚਾਰ ਹੋਵੇਗਾ। ਸੰਗਤਾਂ ਅੱਗੇ ਬੇਨਤੀ ਹੈ ਕਿ ਉਹ ਵੱਧ ਤੋਂ ਵੱਧ ਅਮ੍ਰਿਤ ਛੱਕ ਕੇ ਗੁਰੂ ਵਾਲੇ ਬਣੋ। ਇਸ ਮੌਕੇ ਤੇ ਡਾਕਟਰ ਦੀਆਂ ਵੱਖ ਵੱਖ ਟੀਮਾਂ ਵੱਲੋਂ ਮੈਡੀਕਲ ਕੈਂਪ ਅੱਖਾਂ ਦਾ ਕੈਂਪ ਲਗਾਇਆ ਜਾਵੇਗਾ ਅਤੇ ਮਰੀਜ਼ਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਜਾਣਗੀਆਂ। ਇਸ ਮੌਕੇ ਤੇ ਗੁਰੂ ਕਾ ਅਤੁੱਟ ਲੰਗਰ ਵਰਤਾਏ ਜਾਣਗੇ। ਬਾਬਾ ਜੀ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਓ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਖ਼ਾਲਸਾ ਅਕੈਡਮੀ ਮਹਿਤਾ ਚੌਕ ਵਿਖੇ ਸੀ. ਬੀ. ਐਸ. ਈ. ਨੌਰਥ ਜ਼ੋਨ-ਹਾਕੀ ਚੈਂਪੀਅਨਸ਼ਿਪ 21 ਤੋਂ ਸ਼ੁਰੂ



**ਚੌਕ ਮਹਿਤਾ, 13 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੀ "ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ" ਮਹਿਤਾ ਚੌਂਕ ਵਿਖੇ ਸੀ.ਬੀ.ਐੱਸ.ਈ ਨੋਰਥ ਜੋਨ-ਹਾਕੀ ਚੈਂਪੀਅਨਸ਼ਿਪ 2024 ਦਾ ਆਗਾਜ਼ 21 ਸਤੰਬਰ ਨੂੰ ਹੋਣ ਜਾ ਰਿਹਾ ਹੈ। ਜਿਸ ਵਿੱਚ ਵੱਖਰੀ ਵੱਖਰੀ ਸਟੇਟ ਦੇ ਕੁੱਲ 85 ਸਕੂਲਾਂ ਦੀਆਂ ਹਾਕੀ ਟੀਮਾਂ ਖਾਲਸਾ ਅਕੈਡਮੀ ਵਿਖੇ ਖੇਡਣ ਲਈ ਆ ਰਹੀਆਂ ਹਨ। ਇਹ ਖੇਡਾਂ 21 ਸਤੰਬਰ 2024 ਤੋਂ ਲੈ ਕੇ 24 ਸਤੰਬਰ 2024 ਤੱਕ ਖਾਲਸਾ ਅਕੈਡਮੀ ਦੀਆਂ ਗਰਾਉਂਡਾਂ ਵਿੱਚ ਖੇਡੀਆਂ ਜਾਣਗੀਆਂ। ਜਾਣਕਾਰੀ ਦਿੰਦਿਆਂ ਡਾਇਰੈਕਟਰ ਪ੍ਰਿੰਸੀਪਲ ਡਾਕਟਰ ਜਤਿੰਦਰ ਕੁਮਾਰ ਸ਼ਰਮਾ ਅਤੇ ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਕਿਹਾ ਕਿ ਸਾਡੇ ਵਿੱਦਿਅਕ ਅਦਾਰੇ ਲਈ ਇਹ ਬਹੁਤ ਮਾਣ ਵਾਲੀ ਗੱਲ ਹੋ ਕਿ ਵੱਖਰੇ ਵੱਖਰੇ ਸਕੂਲਾਂ ਅਧਿਆਪਕ ਵਿਦਿਆਰਥੀ ਤੋਂ ਅਤੇ ਖਾਲਸਾ ਅਕੈਡਮੀ ਦੀ ਗਰਾਉਂਡ ਵਿੱਚ ਖੇਡਣ ਲਈ ਆ ਰਹੇ ਹਨ। ਪ੍ਰਿੰਸੀਪਲ ਸਾਹਿਬਾਨ ਨੇ ਕਿਹਾ ਕਿ 21 ਸਤੰਬਰ 2024 ਨੂੰ ਖੇਡਾਂ ਦੇ ਆਗਾਜ਼ ਤੋਂ ਲੈ ਕੇ 24 ਸਤੰਬਰ ਨੂੰ ਸੰਪੂਰਨਤਾ ਤੱਕ ਇਹਨਾਂ ਬੱਚਿਆਂ ਅਤੇ ਅਧਿਆਪਕਾਂ ਦੀ ਜਿੰਮੇਵਾਰੀ ਖਾਲਸਾ ਅਕੈਡਮੀ ਦੀ ਹੀ ਹੋਵੇਗੀ। ਉਹਨਾਂ ਨੇ ਇਹ ਵੀ ਕਿਹਾ ਖਾਲਸਾ ਅਕੈਡਮੀ ਮਹਿਤਾ ਚੌਂਕ ਦੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਖੁੱਲ੍ਹਾ ਸੱਦਾ ਹੈ ਕਿ ਉਹ ਖਾਲਸਾ ਅਕੈਡਮੀ ਵਿਖੇ ਆ ਕੇ ਇਹਨਾਂ ਖੇਡਾਂ ਦਾ ਆਨੰਦ ਮਾਣ ਸਕਦੈ ਹਨ।

# ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਜੀ ਜੇਲ ਵਿੱਚੋਂ ਬਾਹਰ ਆਏ,ਆਮ ਆਦਮੀ ਪਾਰਟੀ ਦੇ ਵਰਕਰਾਂ ਵਿੱਚ ਭਾਰੀ ਖੁਸ਼ੀ : ਜਲਾਲ ਉਸਮਾ



ਚੌਕ ਮਹਿਤਾ 14 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ) ਆਮ ਆਦਮੀ ਪਾਰਟੀ ਦੇ ਸੁਪਰੀਮੋ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਜੀ ਨੂੰ ਸੁਪਰੀਮ ਕੋਰਟ ਵਿੱਚ ਜਮਾਨਤ ਮਿਲਣ ਤੇ ਆਮ ਆਦਮੀ ਪਾਰਟੀ ਦੇ ਵਰਕਰਾਂ ਵਿੱਚ ਭਾਰੀ ਖੁਸੀ ਦੀ ਲਹਿਰ ਹੈ।- ਜਦੋਂ ਵੀ ਕਿਸੇ ਨੇ ਸੱਚ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਤਾਂ ਇੱਕ ਨਾ ਇੱਕ ਦਿਨ ਸੱਚ ਸਾਹਮਣੇ ਆ ਹੀ ਜਾਂਦਾ ਹੈ ਅਤੇ ਝੂਠ ਬੋਲਣ ਵਾਲਿਆਂ ਨੂੰ ਹਾਰ ਦਾ ਸਾਹਮਣਾ ਕਰਨਾ ਪੈਂਦਾ ਹੈ। ਜਿਨ੍ਹਾਂ ਲੋਕਾਂ ਨੇ ਅਰਵਿੰਦ ਕੇਜਰੀਵਾਲ ਨੂੰ ਝੂਠੇ ਕੇਸ ਵਿੱਚ ਫਸਾ ਲੰਮਾ ਸਮਾਂ ਜੇਲ੍ਹ ਵਿੱਚ ਰੱਖਿਆ ਉਹ ਸਮਝ ਗਏ ਹੋਣਗੇ ਕਿ ਜਿਸ ਦੇ ਨਾਲ ਰੱਬ ਹੈ ਉਹ ਕਦੇ ਹਾਰਦਾ ਨਹੀਂ ਇਹਨਾਂ ਸ਼ਬਦਾ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਊ ਕੈਬਨਿਟ ਮੰਤਰੀ ਪੰਜਾਬ ਤੇ ਸ੍ਰੀ ਵਿਨੀਤ ਵਰਮਾ ਪੰਜਾਬ ਸਟੇਟ ਟ੍ਰੇਡਰਜ ਕਮਿਸ਼ਨ ਤੇ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਹਰਜਿੰਦਰ ਸਿੰਘ ਰੰਧਾਵਾ ਜਿੱਲਾ ਵਾਈਸ਼ ਪ੍ਰਧਾਨ ਵਪਾਰ ਮੰਡਲ ਅੰਮ੍ਰਿਤਸਰ ਤੇ ਪੀ ਏ ਸ੍ਰੀ ਵਿਨੀਤ ਵਰਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਾਂਝਾ ਕੀਤਾ।ਇਸ ਮੌਕੇ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਠੇਕੇਦਾਰ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ, ਬੂਟਾ ਸਿੰਘ ਮੀਡੀਆ ਇੰਨਚਾਰਜ ਜੰਡਿਆਲਾ ਗੁਰੂ, ਸੁਰਜੀਤ ਸਿੰਘ ਕੰਗ ਪੰਜਾਬ ਕਿਸਾਨ ਵਿੰਗ, ਸੁਰਿੰਦਰ ਸਿੰਘ ਮਟੌਰ ਜਿਲਾ ਪ੍ਰਧਾਨ ਟ੍ਰੇਡ ਵਿੰਗ ਮੋਹਾਲੀ, ਬਲਜੀਤ ਸਿੰਘ ਜੌੜਾ ਜਿਲਾ ਸੈਕਟਰੀ ਟ੍ਰੇਡ ਵਿੰਗ ਅੰਮ੍ਰਿਤਸਰ, ਹਰਵਿੰਦਰ ਸਿੰਘ ਡਾਇਮੰਡ ਕੋਆਰਡੀਨੇਟਰ ਟ੍ਰੇਡ ਵਿੰਗ ਅੰਮ੍ਰਿਤਸਰ, ਅਮਰ ਰਾਵਤ ਮਹਿਤਾ, ਸੁੱਖ ਮਹਿਸਮਪੁਰ, ਆਦਿ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਾਜ਼ਰ ਸਨ। ਉਨ੍ਹਾਂ ਕਿਹਾ ਕਿ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰਕੇ ਲੋਕਾਂ ਨੂੰ ਆਪਣਾ ਜੀਵਨ ਸਮਰਪਿਤ ਕਰਨ ਵਾਲੇ ਵਿਅਕਤੀ ਨੂੰ ਖਤਮ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ ਹਨ ਪਰ ਜਦੋਂ ਵੀ ਕੇਜਰੀਵਾਲ ਨੂੰ ਤੰਗ ਪ੍ਰੇਸ਼ਾਨ ਕੀਤਾ ਗਿਆ ਹੈ ਤਾਂ ਉਹ ਮਜ਼ਬੂਤ ਹੋ ਕੇ ਸਾਹਮਣੇ ਆਏ ਨੇ ਹਰਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਇੱਕ ਅਜਿਹੇ ਵਿਅਕਤੀ ਹਨ ਜਿਨ੍ਹਾਂ ਦਾ ਇੱਕੋ ਇੱਕ ਉਦੇਸ਼ ਜਨਤਾ ਦੀ ਸੇਵਾ ਕਰਨਾ ਹੈ ਅਤੇ ਭਾਵੇਂ ਦਿੱਲੀ ਦੀ ਕੇਂਦਰ ਸਰਕਾਰ ਉਨ੍ਹਾਂ ਦੀ ਸੋਚ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ ਪਰ ਉਹ ਕਦੇ ਵੀ ਕਾਮਯਾਬ ਰਹੇ ਹਨ।

# ਸੂਬਾ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਕੀਤੇ ਵਾਅਦਿਆਂ ਤੇ ਖਰੀ ਨਹੀਂ ਉਤਰੀ: ਜਾਗੋਵਾਲੀਆ, ਢਿੱਲੋ



ਫ਼ਿਰੋਜ਼ਪੁਰ 14 ਸਤੰਬਰ (ਮਨੋਹਰ ਲਾਲ): ਸੂਬਾ ਸਰਕਾਰ ਵਿਧਾਨ ਸਭਾ ਚੋਣਾਂ ਮੌਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਕੀਤੇ ਵਾਅਦਿਆਂ ਤੇ ਖਰੀ ਨਹੀਂ ਉਤਰੀ। ਇਹ ਵਿਚਾਰ ਪੰਜਾਬ ਸਟੇਟ ਪੈਨਸ਼ਨਰ ਕਨਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਿਸ਼ਨ ਚੰਦ ਜਾਗੋਵਾਲੀਆ ਤੇ ਜਨਰਲ ਸਕੱਤਰ ਪ੍ਰਤਾਪ ਸਿੰਘ ਢਿੱਲੋ ਨੇ ਪ੍ਰਗਟ ਕੀਤੇ। ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਜੁਆਇੰਟ ਫਰੰਟ ਨੂੰ ਵਾਰ-ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਪੋਸਟਪੋਨ ਕਰਨ ਦਾ ਨਵਾਂ ਰਿਕਾਰਡ ਕਾਇਮ ਕੀਤਾ ਹੈ, ਪੰਜਾਬ ਸਰਕਾਰ ਲੋਕਾਂ ਤੇ ਹੋਰ ਟੈਕਸ ਲਾ ਕੇ ਆਰਥਿਕ ਬੋਝ ਪਾ ਦਿੱਤਾ ਹੈ, ਜਿਸ ਕਾਰਨ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿਚ ਆਮ ਆਦਮੀ ਪਾਰਟੀ ਪ੍ਰਤੀ ਘੋਰ ਨਿਰਾਸ਼ਾ ਹੈ। ਕੱਚੇ ਮੁਲਾਜ਼ਮਾਂ ਨੂੰ ਪੱਕੇ ਨਾ ਕਰਨਾ, ਮਹਿੰਗਾਈ ਭੱਤੇ ਦੀਆਂ ਤਿੰਨ ਕਿਸ਼ਤਾਂ ਰਿਲੀਜ਼ ਨਾ ਕਰਨਾ, ਛੇਵੇਂ ਤਨਖਾਹ ਕਮਿਸ਼ਨ ਦਾ ਬਕਾਇਆ ਨਾ ਦੇਣਾ, ਪੈਨਸ਼ਨਰਾ ਤੇ 2.59 ਫੈਕਟਰ ਲਾਗੂ ਨਾ ਕਰਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਆਸਾਂ ਤੇ ਪਾਣੀ ਫੇਰ ਦਿੰਤਾ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਪਹਿਲ ਦੇ ਆਧਾਰ ਤੇ ਹੱਲ ਕੀਤੀਆਂ ਜਾਣ ਤੇ ਵੱਧ ਰਹੀ ਮੰਹਿਗਾਈ, ਬੇਰੁਜ਼ਗਾਰੀ ਤੇ ਲੁੱਟਾਂ ਖੋਹਾਂ ਦੀਆਂ ਵੱਧ ਰਹੀਆਂ ਵਾਰਦਾਤਾਂ ਤੇ ਰੋਕ ਲਾਈ ਜਾਵੇ ਤੇ ਚੰਡੀਗੜ੍ਹ ਵਿਖੇ ਸਾਂਝੇ ਫਰੰਟ ਦੇ 18 ਆਗੂਆਂ ਤੇ ਕੀਤੇ ਪਰਚਿਆਂ ਨੂੰ ਰੱਦ ਕੀਤਾ ਜਾਵੇ। ਉਨ੍ਹਾਂ ਬਿਜਲੀ ਬੋਰਡ ਦੇ ਮੁਲਾਜ਼ਮਾਂ ਵੱਲੋਂ ਕੀਤੀ ਹੜਤਾਲ ਅਤੇ ਸਿਹਤ ਵਿਭਾਗ ਦੇ ਡਾਕਟਰ ਵੱਲੋਂ ਕੀਤੀ ਜਾ ਰਹੀ ਹੜਤਾਲ ਦੀ ਹਮਾਇਤ ਕੀਤੀ। ਇਸ ਸਮੇਂ ਮਿਹਰ ਸਿੰਘ, ਬਲਬੀਰ ਸਿੰਘ ਕੰਬੋਜ਼, ਬੂਟਾ ਰਾਮ, ਤਰਸੇਮ ਬੇਦੀ, ਗੁਰਨਾਮ ਸਿੰਘ , ਬਲਬੀਰ ਸਿੰਘ ਗੋਖੀਵਾਲਾ, ਦਲਜੀਤ ਸਿੰਘ ਯਾਰੇਸ਼ਾਹ ਵਾਲਾ, ਡਾਕਟਰ ਪ੍ਰਦੀਪ ਰਾਣਾ, ਰਮੇਸ਼ ਭੱਟੀ, ਗੁਰਪ੍ਰੀਤ ਸਿੰਘ, ਗੁਰਜਿੰਦਰ ਸਿੰਘ, ਕਰਮ ਸਿੰਘ, ਨੰਦ ਲਾਲ, ਗੁਰਮੀਤ ਸਿੰਘ ਔਲਖ, ਇਕਬਾਲ ਸਿੰਘ, ਗਗਨਦੀਪ ਸਿੰਘ, ਮੰਗਲ ਸਿੰਘ ਆਦਿ ਹਾਜ਼ਰ ਸਨ।

### ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਫਿਰੋਜ਼ਪੁਰ ਦੀ

# ਮਹੀਨਾਵਾਰ ਅਹਿਮ ਮੀਟਿੰਗ ਹੋਈ

ਮਾਨ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਧੋਖਾ ਕਮਾਂ ਰਹੀ ਹੈ, ਜ਼ਿਮਨੀ ਚੋਣਾਂ ਸਬਕ ਸਿਖਾਇਆ ਜਾਵੇ : ਆਗੂ ਫਿਰੋਜ਼ਪੁਰ 14 ਸਤੰਬਰ (ਮਨੋਹਰ ਲਾਲ) ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਏਸ਼ਨ ਫਿਰੋਜ਼ਪੁਰ ਦੀ ਅਹਿਮ ਮੀਟਿੰਗ ਬੂਟਾ ਸਿੰਘ ਵਾਈਸ ਸੀਨੀਅਰ ਮੀਤ ਪ੍ਰਧਾਨ ਦੀ ਪ੍ਰਧਾਨਗੀ ਹੇਠ ਡੀ ਸੀ ਕੰਪਲੈਕਸ ਪੈਨਸ਼ਨਰਜ਼ ਐਸੋਸੀਏਸ਼ਨ ਦੇ ਦਫਤਰ ਫਿਰੋਜ਼ਪੁਰ ਵਿਖੇ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜਨਰਲ ਸਕੱਤਰ ਅਜੀਤ ਸਿੰਘ ਸੋਢੀ ਅਤੇ ਸੁਰਿੰਦਰ ਕੁਮਾਰ ਜੋਸ਼ਨ ਵਿਤ ਸਕੱਤਰ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਧੋਖਾ ਕਮਾ ਰਹੀ ਹੈ ਅਤੇ ਵਿਤਕਰਾ ਕੀਤਾ ਜਾ ਰਿਹਾ ਹੈ।ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਨਾਲ ਅੱਠ ਮੀਟਿੰਗਾਂ ਕਰ ਚੁੱਕੇ ਹਨ ਪਰ ਕੋਈ ਮੰਗ ਪੂਰੀ ਨਹੀਂ ਕੀਤੀ ਅਤੇ ਉਲਟਾ ਲਾਰੇ ਲੱਪੇ ਲਗਾ ਕੇ ਮੀਟਿੰਗਾ ਦਾ ਸਮਾਂ ਦੇ ਕੇ ਭੱਜ ਜਾਂਦੇ ਹਨ। ਪੈਨਸ਼ਨਰਜ਼ ਆਗੂ ਬੂਟਾ ਸਿੰਘ, ਸਵਾਰਣ ਜੀਤ ਸਿੰਘ , ਬੀ ਕੇ ਵੋਹਰਾ, ਅਮੀਰ ਸਿੰਘ, ਗੁਰਪ੍ਰਸ਼ਾਂਤ ਸਿੰਘ, ਸੁਰਿੰਦਰ ਸ਼ਰਮਾ ਨੇ ਕਰੜੇ ਸ਼ਬਦਾਂ ਵਿੱਚ ਪੰਜਾਬ ਸਰਕਾਰ ਦੀ ਬੇਰੁਖੀ ਅਤੇ ਲਾਰੇ ਲੱਪੇ ਵਾਲੀ ਨੀਤੀ ਦੀ ਨਿਖੇਦੀ ਕੀਤੀ। ਇਸ ਦੌਰਾਨ ਸੁਰਿੰਦਰ ਸਿੰਘ ਬਾਹੀਆ, ਰਜਿੰਦਰ ਸਿੰਘ ਮੋਂਗਾ, ਹਰਜੀਤ ਸਿੰਘ, ਹਰਕ੍ਰਿਸ਼ਨ ਸਿੰਘ, ਦਰਸ਼ਨ ਸਿੰਘ,ਓ ਪੀ ਗੁੰਬਰ, ਕਸ਼ਮੀਰ ਸਿੰਘ ਆਦਿ ਪੰਜਾਬ ਮੁਲਾਜ਼ਮ ਤੇ ਪੈਨਸ਼ਨ ਸਾਂਝਾ ਫਰੰਟ ਦੇ ਆਗੂਆਂ ਨੂੰ ਅਪੀਲ ਕੀਤੀ ਕਿ ਜੇਕਰ ਪੰਜਾਬ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨਹੀਂ ਮੰਨਦੀ ਤਾਂ ਹੋ ਰਹੀਆਂ ਚਾਰ ਵਿਧਾਨ ਸਭਾ ਹਲਕਿਆਂ ਵਿੱਚ ਜਿਮਨੀ ਚੋਣਾਂ ਦਾ ਡਟਵਾਂ ਵਿਰੋਧ ਕੀਤਾ ਜਾਵੇ ਅਤੇ ਸਰਕਾਰ ਨੂੰ ਹਰਾ ਕੇ ਸਬਕ ਸਿਖਾਇਆ ਜਾਵੇ ਅਤੇ ਬਲਾਕ ਤੋ ਲੈਕੇ ਤਹਿਸੀਲ, ਜ਼ਿਲ੍ਹਾ ਪੱਧਰੀ



ਸੰਘਰਸ਼ ਹੋਰ ਤਿੱਖੇ ਕੀਤੇ ਜਾਣ । ਪੈਨਸ਼ਨਰ ਐਸੋਸੀਏਸ਼ਨ ਫਿਰੋਜਪੁਰ ਦੀ ਅਹਿਮ ਮੀਟਿੰਗ ਹੋਈ।ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਏਸ਼ਨ ਫਿਰੋਜ਼ਪੁਰ ਦੀ ਅਹਿਮ ਮੀਟਿੰਗ ਬੂਟਾ ਸਿੰਘ ਵਾਈਸ ਸੀਨੀਅਰ ਮੀਤ ਪ੍ਰਧਾਨ ਦੀ ਪ੍ਰਧਾਨਗੀ ਹੇਠ ਡੀ ਸੀ ਕੰਪਲੈਕਸ ਪੈਨਸ਼ਨਰਜ਼ ਐਸੋਸੀਏਸ਼ਨ ਦੇ ਦਫਤਰ ਫਿਰੋਜ਼ਪੁਰ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜਨਰਲ ਸਕੱਤਰ ਅਜੀਤ ਸਿੰਘ ਸੋਢੀ ਅਤੇ ਸੁਰਿੰਦਰ ਕੁਮਾਰ ਜੋਸ਼ਨ ਵਿਤ ਸਕੱਤਰ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਧੋਖਾ ਕਮਾ ਰਹੀ ਹੈ ਅਤੇ ਵਿਤਕਰਾ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਨਾਲ ਅੱਠ ਮੀਟਿੰਗਾਂ ਕਰ ਚੁੱਕੇ ਹਨ ਪਰ ਕੋਈ ਮੰਗ ਪੂਰੀ ਨਹੀਂ ਕੀਤੀ ਅਤੇ ਉਲਟਾ ਲਾਰੇ ਲੱਪੇ ਲਗਾ ਕੇ ਮੀਟਿੰਗਾ ਦਾ ਸਮਾਂ ਦੇ ਕੇ ਭੱਜ ਜਾਂਦੇ ਹਨ। ਪੈਨਸ਼ਨਰਜ਼ ਆਗੂ ਬੂਟਾ ਸਿੰਘ, ਸਵਾਰਣ ਜੀਤ ਸਿੰਘ , ਬੀ ਕੇ ਵੋਹਰਾ, ਅਮੀਰ ਸਿੰਘ, ਗੁਰਪ੍ਰਸ਼ਾਂਤ ਸਿੰਘ, ਸੁਰਿੰਦਰ ਸ਼ਰਮਾ ਨੇ ਕਰੜੇ ਸ਼ਬਦਾਂ ਵਿੱਚ ਪੰਜਾਬ ਸਰਕਾਰ ਦੀ ਬੇਰੁਖੀ ਅਤੇ ਲਾਰੇ ਲੱਪੇ ਵਾਲੀ ਨੀਤੀ ਦੀ ਨਿਖੇਦੀ ਕੀਤੀ। ਇਸ ਦੌਰਾਨ ਸੁਰਿੰਦਰ ਸਿੰਘ ਬਾਹੀਆ, ਰਜਿੰਦਰ ਸਿੰਘ ਮੋਂਗਾ, ਹਰਜੀਤ ਸਿੰਘ, ਹਰਕ੍ਰਿਸ਼ਨ ਸਿੰਘ, ਦਰਸ਼ਨ ਸਿੰਘ,ਓ ਪੀ ਗੁੰਬਰ, ਕਸ਼ਮੀਰ ਸਿੰਘ ਆਦਿ ਪੰਜਾਬ ਮੁਲਾਜ਼ਮ ਤੇ ਪੈਨਸ਼ਨ ਸਾਂਝਾ ਫਰੰਟ ਦੇ ਆਗੂਆਂ ਨੂੰ ਅਪੀਲ ਕੀਤੀ ਕਿ ਜੇਕਰ ਪੰਜਾਬ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨਹੀਂ ਮੰਨਦੀ ਤਾਂ ਹੋ ਰਹੀਆਂ ਚਾਰ ਵਿਧਾਨ ਸਭਾ ਹਲਕਿਆਂ ਵਿੱਚ ਜਿਮਨੀ ਚੋਣਾਂ ਦਾ ਡਟਵਾਂ ਵਿਰੋਧ ਕੀਤਾ ਜਾਵੇ ਅਤੇ ਸਰਕਾਰ ਨੂੰ ਹਰਾ ਕੇ ਸਬਕ ਸਿਖਾਇਆ ਜਾਵੇ ਅਤੇ ਬਲਾਕ ਤੋ ਲੈਕੇ ਤਹਿਸੀਲ, ਜ਼ਿਲ੍ਹਾ ਪੱਧਰੀ ਸੰਘਰਸ਼ ਹੋਰ ਤਿੱਖੇ ਕੀਤੇ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

### ਮੀਟਰ ਰੀਡਰਾਂ ਦੀਆਂ ਮੰਗਾਂ ਸਬੰਧੀ

# ਬਿਜਲੀ ਮੰਤਰੀ ਸ੍ਰ ਹਰਭਜਨ ਸਿੰਘ ਈਟੀਓ ਨੂੰ ਦਿੱਤਾ ਮੰਗ ਪੱਤਰ

**ਜੰਡਿਆਲਾ ਗੁਰੂ, 14 ਸਤੰਬਰ ( ਕੁਲਵੰਤ ਸਿੰਘ ਵਿਰਦੀ)**-ਅੱਜ ਸਪੋਟ ਬਿਲਿੰਗ ਯੂਨੀਅਨ ਨੇ ਮੀਟਰ ਰੀਡਰਾ ਦੀਆ ਮੰਗਾਂ ਸਬੰਧੀ ਬਿਜਲੀ ਮੰਤਰੀ ਸ੍ਰ ਹਰਭਜਨ ਸਿੰਘ ਈਟੀਓ ਜੀ ਨਾਲ ਮੀਟਿੰਗ ਕੀਤੀ ਗਈ। ਜਿਸ ਵਿੱਚ ਸਪੋਟ ਬਿਲਿੰਗ ਯੂਨੀਅਨ ਦੇ ਸੂਬਾ ਪ੍ਰਧਾਨ ਗਗਨਦੀਪ ਸਿੰਘ ਨੇ ਬਿਜਲੀ ਮੰਤਰੀ ਜੀ ਨੂੰ ਦੱਸਿਆ ਗਿਆ ਕਿ ਉਹਨਾਂ ਨੂੰ ਇਸ ਸਮੇਂ ਬਹੁਤ ਮੁਸ਼ਿਕਲਾ ਦਾ ਸਾਹਮਣਾ

ਆਵਾਜ਼ਿ ਕੌਮ AWAZE QAUM International Newspaper & WEB TV

ਕਰਨਾ ਪੈ ਰਿਹਾ ਹੈ। ਕੰਪਨੀਆਂ ਵੱਲੋਂ ਬਹੁਤ ਹੀ ਘੱਟ ਤਨਖਾਹ ਦੇ ਕੇ ਕੰਮ ਕਰਵਾਇਆ ਜਾ ਰਿਹਾ ਹੈ ਅਸੀ ਪਿਛਲੇ 10-12 ਸਾਲਾਂ ਤੋਂ ਨਿਗੁਣੀਆਂ ਤਨਖਾਹਾਂ ਵਿੱਚ ਮੀਟਰ ਰੀਡਿੰਗ ਦਾ ਕੰਮ ਕਰ ਰਹੇ ਹਾਂ। ਅਜੋਕੇ ਮਹਿੰਗਾਈ ਵਾਲੇ ਸਮੇਂ ਵਿੱਚ 8-10 ਹਜ਼ਾਰ ਵਿੱਚ ਗੁਜ਼ਾਰਾ ਕਰਨਾ ਬਹੁਤ ਮੁਸ਼ਿਕਲ ਹੈ।ਸਪੋਟ ਬਿਲਿੰਗ ਯੂਨੀਅਨ ਵੱਲੋਂ ਬਿਜਲੀ ਮੰਤਰੀ ਅੱਗੇ ਇਹ ਮੰਗ ਰੱਖੀ ਗਈ ਕਿ ਸਰਕਾਰ ਕੰਪਨੀਆਂ ਨੂੰ ਕਹੇ ਕਿ ਹਰੇਕ ਮੀਟਰ ਰੀਡਰ ਨੂੰ 20 ਹਜ਼ਾਰ ਅਤੇ ਸੁਪਰਵਾਈਜ਼ਰ ਨੂੰ 25-30 ਹਜ਼ਾਰ ਤਨਖ਼ਾਹ ਦਵੇ ਤਾਂ ਜੋ ਸਾਡੇ ਮੀਟਰ ਰੀਡਰ, ਸੁਪਰਵਾਈਜ਼ਰ ਆਪਣੇ ਘਰਾਂ ਦਾ ਗੁਜ਼ਾਰਾ ਵਧੀਆ ਤਰੀਕੇ ਨਾਲ ਕਰ ਸਕਣ।ਜੇਕਰ ਕੰਪਨੀ ਤਨਖ਼ਾਹ ਵਿੱਚ ਵਾਧਾ ਨਹੀ ਕਰਦੀ ਤਾਂ ਸਰਕਾਰ ਕੰਪਨੀ ਦਾ ਬਾਈਕਾਟ ਕਰੇ ਅਤੇ ਸਪੋਟ ਬਿਲਿੰਗ ਮੁਲਾਜ਼ਮਾ ਨੂੰ ਬਿਜਲੀ ਬੋਰਡ ਸਿੱਧੇ ਤੌਰ ਤੇ ਮਹਿਕਮੇ ਅਧੀਨ ਕਰ ਕੇ ਬਿਲਿੰਗ ਕਰਵਾਏ। ਇਸ ਮੌਕੇ ਤੇ ਯੂਨੀਅਨ ਆਗੂਆ ਨੇ ਕਿਹਾ ਕਿ ਅਸੀ ਕੋਈ ਹੜਤਾਲ ਵੀ ਨਹੀ ਕਰਦੇ, ਕਿਉ ਕਿ ਬਿਲਿੰਗ ਬੰਦ ਹੋਣ ਨਾਲ ਸਰਕਾਰ ਅਤੇ ਮਹਿਕਮੇ ਨੂੰ ਬਹੁਤ



ਨੁਕਸਾਨ ਹੋਵੇਗਾ।ਅਸੀ ਹਰ ਪੱਖੋ ਮਹਿਕਮੇ ਅਤੇ ਸਰਕਾਰ ਦਾ ਫਾਇਦਾ ਹੀ ਕਰਵਾ ਰਹੇ ਹਾਂ।ਜੇਕਰ ਸਾਨੂੰ ਮਹਿਕਮੇ ਅਧੀਨ ਕੀਤਾ ਜਾਵੇ ਤਾ ਅਸੀ ਮਹਿਕਮੇ ਨੂੰ ਬਹੁਤ ਜਿਆਦਾ ਰੈਵੀਨਿਊ ਇਕੱਠਾ ਕਰਕੇ ਦੇਵਾਂਗੇ। ਇਸ ਨਾਲ ਬਿਜਲੀ ਚੋਰੀ ਵੀ ਘੱਟ ਜਾਵੇਗੀ। ਇਸ ਮੌਕੇ ਤੇ ਸ੍ਰ ਹਰਭਜਨ ਸਿੰਘ ਈਟੀਓ ਨੇ ਸਪੋਟ ਬਿਲਿੰਗ ਯੂਨੀਅਨ ਦੇ ਸੂਬਾ ਪ੍ਰਧਾਨ ਅਤੇ ਮੀਟਰ ਰੀਡਰਾ ਨੂੰ ਭਰੋਸਾ ਦਵਾਇਆ ਕਿ ਬਹੁਤ ਜਲਦ ਤੁਹਾਡੀ ਮੰਗ ਨੂੰ ਪੂਰਾ ਕਰਾਂਗੇ।ਉਹਨਾ ਨੇ ਕਿਹਾ ਕਿ ਇਹ ਆਮ ਆਦਮੀ ਪਾਰਟੀ ਦੀ ਸਰਕਾਰ ਤੁਹਾਡੇ ਨਾਲ ਹੈ। ਇਸ ਮੌਕੇ ਤੇ ਯੂਨੀਅਨ ਵੱਲੋਂ ਮੰਤਰੀ ਜੀ ਦਾ ਤਹਿ ਦਿਲੋਂ ਸ਼ੁਕਰਾਨਾ ਕੀਤਾ ਅਤੇ ਉਹਨਾਂ ਨੇ ਕਿਹਾ ਕਿ ਸਾਨੂੰ ਆਸ ਹੈ ਕਿ ਤੁਸੀ ਬਹੁਤ ਜਲਦ ਸਾਨੂੰ ਮਹਿਕਮੇ ਅਧੀਨ ਕਰ ਲਵੋਗੇ ਇਸ ਮੌਕੇ ਤੇ ਸੂਬਾ ਪ੍ਰਧਾਨ ਗਗਨਦੀਪ ਸਿੰਘ ,ਮੀਟਰ ਰੀਡਰ ਲਵਲਦੀਪ ਸਿੰਘ ਟਾਂਗਰਾਂ, ਗੁਰਪ੍ਰੀਤ ਸਿੰਘ, ਸੁਖਬੀਰ ਸਿੰਘ,ਸੁਖਦੀਪ ਸਿੰਘ ਫਤਿਹਪੁਰ, ਹਰਪ੍ਰੀਤ ਸਿੰਘ ਆਦਿ ਯੂਨੀਅਨ ਆਗੂ ਹਾਜ਼ਰ ਸਨ।

# ਚੇਅਰਮੈਨ ਘੁੱਲੀ ਨੇ ਮਾਰਕੀਟ ਕਮੇਟੀ ਧੂਰੀ ਵਿਖੇ ਕੇਜਰੀਵਾਲ ਨੂੰ ਜਮਾਨਤ ਮਿਲਣ ਤੇ ਵੰਡੇ ਲੱਡੂ

ਧੂਰੀ ( ਰਣਜੀਤ ਸਿੰਘ ਪੇਧਨੀ ) ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਦਿੱਲੀ ਦੇ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਨੂੰ ਜਮਾਨਤ ਮਿਲਣ ਤੇ ਧੂਰੀ ਵਿਖੇ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਨਰਲ ਸਕੱਤਰ ਸਰਦਾਰ ਰਾਜਵੰਤ ਸਿੰਘ ਘੁਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਵੱਲੋਂ ਮਾਰਕੀਟ ਕਮੇਟੀ ਦਫਤਰ ਵਿਖੇ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ ਇਸ ਮੌਕੇ ਤੇ ਹੁਣ ਵੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਘੁੱਲੀ ਨੇ ਕਿਹਾ ਹੈ ਕਿ ਕੇਂਦਰ ਦੀ ਮੋਦੀ ਸਰਕਾਰ ਈਡੀ ਦਾ ਸਹਾਰਾ ਲੈ ਕੇ ਆਮ ਆਦਮੀ ਪਾਰਟੀ ਦੇ ਆਗੂਆਂ ਨੂੰ ਤੰਗ ਪਰੇਸ਼ਾਨ ਕਰ ਰਹੀ ਜੋ ਕਿ ਸਰਾਸਰ ਗਲਤ ਹੈ। ਉਹਨਾਂ ਕਿਹਾ ਕਿ ਹਰਿਆਣਾ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਕੇ ਕੇਜਰੀਵਾਲ ਦੀ ਅਗਵਾਹੀ ਹੇਠ ਸਰਕਾਰ ਬਣਾਉਣ ਜਾ ਰਹੀ ਹੈ। ਇਸ ਵਾਰ ਹਰਿਆਣਾ ਦੇ ਲੋਕ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਨੂੰ ਮੂੰਹ ਨਹੀਂ ਲਾਉਣਗੇ। ਇਸ ਮੌਕੇ ਆਪ ਸਪੋਰਟਸ ਵਿੰਗ ਪੰਜਾਬ ਦੇ ਸੈਕਟਰੀ




ਆਵਾਜ਼ਿ ਕੌਮ AWAZE QAUM International Newspaper & WEB TV

ਅਮਰਦੀਪ ਸਿੰਘ ਧਾਂਦਰਾ, ਆਪ ਦੇ ਸੀਨੀਅਰ ਆਗੂ ਐਡਵੋਕੇਟ ਹੈਪੀ ਗੋਇਲ,ਬਲਾਕ ਪ੍ਰਧਾਨ ਸੁਖਪਾਲ ਸਿੰਘ ਪਾਲਾ,ਆਪ ਆਗੂ ਹਰਪ੍ਰੀਤ ਸਿੰਘ ਗਿੱਲ, ਆਪ ਆਗੂ ਜਸਵਿੰਦਰ ਸਿੰਘ ਖੁਰਮੀ ,ਆਪ ਆਗੂ ਮਾਣਾ ਗਰੇਵਾਲ , ਆਪ ਆਗੂ ਬਹਾਦਰ ਸਿੰਘ ਨੰਬਰਦਾਰ , ਹੈਗੀ ਆਪ ਆਗੂ ਨਰੇਸ਼ ਸਿੰਗਲਾ, ਆਪ ਆਗੂ ਠੇਕੇਦਾਰ ਕਰਮਵੀਰ ਸਿੰਘ,ਆਪ ਆਗੂ ਬਖਸ਼ਸ ਸਿੰਘ ਅਲਾਲ, ਆਪ ਆਗੂ ਭੁਚਾਣੀ ਧੂਰੀ, ਆਪ ਆਗੂ ਸੈਟੀ ਧਾਦਰਾਂ, ਭਿੰਦਾ ਵਿਰਕ, ਬਿੱਲਾ ਸਾਹੀਵਾਲ, ਆਪ ਆਗੂ ਦਿਲਰਾਜ ਦੋਰਾਹਾ, ਆਪ ਆਗੂ ਅਰਵਿੰਦ ਸਰਮਾ ਨਾਭਾ,ਆਪ ਆਗੂ ਰਣਜੀਤ ਸਿੰਘ ਨਾਭਾ ਹਾਜ਼ਰ ਸਨ।

# ਟੀ.ਬੀ. ਐੱਸ ਇੰਟਰਨੈਸ਼ਨਲ ਸਕੂਲ ਹਿੰਦੀ ਦਿਵਸ ਮਨਾਇਆ




**ਫ਼ਿਰੋਜ਼ਪੁਰ 14 ਸਤੰਬਰ (ਮਨੋਹਰ ਲਾਲ):** ਫ਼ਿਰੋਜ਼ਪੁਰ ਮੋਗਾ ਰੋਡ 'ਤੇ ਸਥਿਤ ਟੀ.ਬੀ. ਐੱਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ-ਰੇਖ ਹੇਠ ਚੱਲ ਰਿਹਾ ਹੈ। ਸਕੂਲ ਵਿੱਚ 14.09.24 ਨੂੰ 'ਹਿੰਦੀ ਦਿਵਸ' ਮਨਾਇਆ ਗਿਆ। ਵਿਦਿਆਰਥੀਆਂ ਵੱਲੋਂ ਇੱਕ ਵਿਸ਼ੇਸ਼ ਸਭਾ ਕੀਤੀ ਗਈ ਅਤੇ ਵਿਦਿਆਰਥੀਆਂ ਵਿੱਚ ਹਿੰਦੀ ਲੇਖ ਲਿਖਣ ਅਤੇ ਕੈਲੀਗ੍ਰਾਫੀ ਲੇਖਣ ਵਰਗੇ ਮੁਕਾਬਲੇ ਕਰਵਾਏ ਗਏ। ਇਸ ਮੌਕੇ ਹਿੰਦੀ ਵਿਭਾਗ ਦੀ ਮੁਖੀ ਪੂਜਾ ਸ਼ਰਮਾ ਨੇ ਵਿਦਿਆਰਥੀਆਂ ਨੂੰ ਹਿੰਦੀ ਦਿਵਸ ਬਾਰੇ ਜਾਣਕਾਰੀ ਦਿੱਤੀ ਅਤੇ ਹਿੰਦੀ ਨੂੰ ਰਾਸ਼ਟਰੀ ਭਾਸ਼ਾ ਦਾ ਦਰਜਾ ਕਿਵੇਂ ਮਿਲਿਆ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਬੱਚਿਆਂ ਨੂੰ ਹਿੰਦੀ ਦਿਵਸ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਹਿੰਦੀ ਭਾਸ਼ਾ ਦਾ ਸਤਿਕਾਰ ਕਰਨਾ ਚਾਹੀਦਾ ਹੈ। ਹਰ ਵਿਦਿਆਰਥੀ ਲਈ ਹਿੰਦੀ ਭਾਸ਼ਾ ਦਾ ਗਿਆਨ ਹੋਣਾ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਭਾਰਤੀ ਸੱਭਿਆਚਾਰ ਅਤੇ ਸੱਭਿਅਤਾ ਨੂੰ ਜਾਣਨ ਲਈ ਸਾਨੂੰ ਹਿੰਦੀ ਭਾਸ਼ਾ ਦਾ ਸਾਹਿਤ ਪੜ੍ਹਨ ਦੀ ਲੋੜ ਹੈ। ਉਨ੍ਹਾਂ ਹਿੰਦੀ ਸਪਤਾਹ ਦੇ ਸਫ਼ਲ ਆਯੋਜਨ ਲਈ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿਆਰਾਮ ਵੈਲਫੇਅਰ ਸੁਸਾਇਟੀ ਦੇ ਮੈਂਬਰਾਂ ਵੱਲੋਂ 21 ਲੋੜਵੰਦ ਵਿਅਕਤੀਆਂ ਨੂੰ ਸਤੰਬਰ ਮਹੀਨੇ ਦਾ ਰਾਸ਼ਨ ਵੰਡਿਆ, ਸ੍ਰੀ ਬ੍ਰਿਜ ਧਵਨ ਮੁੱਖ ਮਹਿਮਾਨ ਵਜੋਂ ਪੁੱਜੇ



ਫ਼ਿਰੋਜ਼ਪੁਰ 14 ਸਤੰਬਰ (ਮਨੋਹਰ ਲਾਲ): ਸਿਆਰਾਮ ਵੈਲਫੇਅਰ ਸੁਸਾਇਟੀ ਦੇ ਮੈਂਬਰਾਂ ਵੱਲੋਂ 21 ਲੋੜਵੰਦ ਵਿਅਕਤੀਆਂ/ਔਰਤਾਂ ਨੂੰ ਸਤੰਬਰ ਮਹੀਨੇ ਦਾ ਰਾਸ਼ਨ ਵੰਡਿਆ ਗਿਆ। ਸ੍ਰੀ ਬ੍ਰਿਜ ਧਵਨ ਮੁੱਖ ਮਹਿਮਾਨ ਵਜੋਂ ਪੁੱਜੇ। ਭਗਵਾਨ ਸ਼੍ਰੀ ਪਰਸ਼ੂਰਾਮ ਮੰਦਰ ਦੇ ਦਰਸ਼ਨਾਂ ਦੌਰਾਨ ਪੁਜਾਰੀ ਪੰਡਿਤ ਲੇਖਰਾਜ ਤ੍ਰਿਪਾਠੀ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਬ੍ਰਿਜ ਧਵਨ ਨੇ ਕਿਹਾ ਕਿ "ਪੰਛੀ ਨੇ ਆਪਣੀ ਚੁੰਝ ਨਾਲ ਨਦੀ ਨੂੰ ਵਹਾ ਲਿਆ, ਨਾ ਘਟਿਓ ਨੀਰ, ਦਾਨ ਦੀਏ ਕੁਝ ਨਾ ਘਟੇ ਕਹੇ ਭਗਤ ਕਬੀਰ" ਪਰ ਦਾਨ ਕਿਸੇ ਲੋੜਵੰਦ ਨੂੰ ਹੀ ਦੇਣਾ ਚਾਹੀਦਾ ਹੈ ਅਤੇ ਕਿਹਾ ਕਿ ਮੈਨੂੰ ਖੁਸ਼ੀ ਹੈ ਕਿ ਸਿਆਰਾਮ ਵੈਲਫੇਅਰ ਸੁਸਾਇਟੀ ਇਸ ਲਈ ਕੰਮ ਕਰ ਰਹੀ ਹੈ। ਸ਼੍ਰੀ ਜਗਦੀਸ਼ ਕੱਕੜ ਐਡਵੋਕੇਟ ਨੇ ਕਿਹਾ ਕਿ ਸਾਡੀ ਸੰਸਥਾ ਪਿਛਲੇ ਸਾਢੇ 7 ਸਾਲਾਂ ਤੋਂ ਸਮਾਜ ਭਲਾਈ ਦੇ ਕੰਮ ਕਰ ਰਹੀ ਹੈ ਅਤੇ ਇਹ ਨਿਰੰਤਰ ਜਾਰੀ ਰਹੇਗੀ।ਇਸ ਮੌਕੇ ਜਗਦੀਸ਼ ਬਜਾਜ, ਜਗਦੀਸ਼ ਕੱਕੜ ਐਡਵੋਕੇਟ, ਬ੍ਰਜ ਧਵਨ, ਕੈਲਾਸ਼ ਸ਼ਰਮਾ ਨੇ ਵੀ ਰਾਸ਼ਨ ਵੰਡਣ ਦੀ ਸੇਵਾ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV

# ਜਗਦੀਸ਼ ਕੁਮਾਰ ਫਾਟਕ ਮੁਲਤਾਨੀ ਗੇਟ ਜੋ ਕਿ 45 ਸਾਲਾ ਤੋਂ ਮੁਫਤ ਮਨੁੱਖਤਾ ਦੀ ਸੇਵਾ ਜੜੀ ਬੂਟੀਆਂ ਦੀ ਦਵਾਈ ਨਾਲ ਟਾਈਫਾਇਡ, ਕਾਲਾ ਪੀਲੀਆ, ਪੀਲਾ ਪੀਲੀਆ, ਬਵਾਸੀਰ, ਜਨਯੂ, ਬੀਪੀ ਵੱਧ, ਘੱਟ ਦਾ ਇਲਾਜ ਕਰ ਰਹੇ ਹਨ

**ਫਿਰੋਜ਼ਪੁਰ, 14 ਸਤੰਬਰ (ਮਨੋਹਰ ਲਾਲ)**-ਮਨੁੱਖਤਾ ਦੀ ਸੇਵਾ ਇਕ ਸੱਚੀ ਸੁੱਚੀ ਸੇਵਾ ਹੈ। ਭਗਵਾਨ ਪ੍ਰਮਾਤਮਾ ਵਾਹਿਗੁਰੂ ਨੇ ਸਾਨੂੰ ਚੰਗੇ ਕੰਮ ਲਈ ਭੇਜਿਆ ਹੈ, ਪਰ ਮਨੁੱਖ ਇਥੇ ਆ ਕੇ ਕਾਮ, ਕਰੋਧ, ਮੋਹ, ਲੋਭ, ਹੰਕਾਰ ਵਿਚ ਫਸ ਕੇ ਆਪਣਾ ਜੀਵਨ ਵਿਅਰਥ ਹੀ ਗਵਾ ਰਿਹਾ ਹੈ। ਜਦਕਿ ਮਨੁੱਖ ਦਾ ਅਸਲੀ ਕੰਮ ਪ੍ਰਮਤਮਾ ਵਾਹਿਗੁਰੂ ਜੀ ਦਾ ਨਾਮ ਜਪਣਾ ਕੀਰਤ ਕਰਨੀ, ਵੰਡ ਕੇ ਛਕਣਾ ਅਤੇ ਗਰੀਬ ਲਚਾਰ ਲੋਕਾਂ ਦੀ ਮੱਦਦ ਕਰਨੀ, ਪਰ ਇਹ ਸੁਭ ਕੁਝ ਭੁੱਲ ਜਾਂਦੇ ਹਨ ਅਤੇ ਕੁਝ ਲੋਕ ਆਪਣੀ ਕੀਰਤ ਕਮਾਈ ਵਿਚ ਹੀ ਸਮਾਜ ਭਲਾਈ ਦਾ ਕੰਮ ਕਰਦੇ ਹਨ, ਜਿਨ੍ਹਾਂ ਵਿਚ ਜਗਦੀਸ਼ ਕੁਮਾਰ ਪੁੱਤਰ ਮੀਹਾ ਲਾਲ ਜੋ ਕਿ 1979 ਤੋਂ ਲੈ ਕੇ ਹਿਕ ਛੋਟਾ ਜਿਹਾ ਖੋਖੇ ਉਪਰ ਆਪਣੀ ਰੋਜੀ ਰੋਟੀ ਕਮਾਉਂਦਾ ਹੈ ਅਤੇ ਪੁਲਿਸ ਚੌਂਕੀ ਮੁਲਤਾਨੀ ਗੇਟ ਫਾਟਕ ਦੇ ਨਾਲ ਫਿਰੋਜ਼ਪੁਰ ਵਿਚ ਗੋਲੀਆਂ ਟਾਫੀਆਂ ਵੇਚ ਕੇ ਗੁਜ਼ਾਰਾ ਕਰਦਾ ਹੈ, ਪਰ ਨਾਲ ਨਾਲ ਉਹ ਇਕ ਹਫਤੇ ਵਿਚ ਤਿੰਨ ਵਾਰ ਦਵਾਈ ਮਰੀਜ਼ ਦੇ ਸਾਹਮਣੇ ਜੜੀ ਬੂਟੀਆਂ ਪੀਸ ਦੇ ਦਿੰਦਾ ਹੈ, ਜਿਸ



ਦੇ ਉਹ ਕੋਈ ਪੈਸਾ ਨਹੀਂ ਲੈਂਦਾ ਅਤੇ ਸੈਂਕੜਿਆਂ ਦੀ ਗਿਣਤੀ ਵਿਚ ਐਤਵਾਰ, ਮੰਗਲਵਾਰ ਤੇ ਸ਼ੁੱਕਰਵਾਰ ਮਿਕਸੀ ਵਿਚ ਪੀਸ ਕੇ ਦਵਾਈ ਦਿੰਦਾ ਹੈ। ਇਸ ਦੀ ਦਵਾਈ ਪੀਣ ਨਾਲ ਕਾਲਾ ਪੀਲੀਆ, ਪੀਲਾ ਪੀਲੀਆ ਟਾਈਫਾਇਡ, ਬਵਾਸੀਰ, ਜਨੇਯੂ, ਬੀਪੀ ਵੱਧਦਾ ਹੋਵੇ ਜਾਂ ਘੱਟਦਾ ਹੋਵੇ ਦੀ ਦਵਾਈ ਪੀਣ ਨਾਲ ਠੀਕ ਹੋ ਜਾਂਦਾ ਹੈ। ਜਗਦੀਸ਼ ਕੁਮਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਦਵਾਈ ਪਹਿਲਾ ਮੇਰੇ ਪਿਤਾ ਜੀ ਮੀਹਾ ਲਾਲ ਦਿੰਦੇ ਸੀ ਅਤੇ ਮੈਂ ਉਨ੍ਹਾਂ ਨਾਲ ਦਵਾਹੀ ਮਿਕਸੀ ਵਿਚ ਪੀਸ ਕੇ ਦਿੰਦਾ ਸੀ ਅਤੇ ਨਾਲ ਹੀ ਉਨ੍ਹਾਂ ਜੜੀਆਂ ਬੂਟੀਆਂ ਦੀ ਜੜ੍ਹ ਨਾਲ ਗਲ ਵਿਚ ਪਾਉਣ ਵਾਲੀ ਮਾਲਾ ਵੀ ਦਿੰਦਾ ਸੀ ਅਤੇ ਹੁਣ ਮੇਰੇ ਨਾਲ ਮੇਰਾ ਲੜਕਾ ਅਤੇ ਮੇਰੇ ਨਾਲ ਰਾਮ ਪ੍ਰਕਾਸ਼, ਨਰੇਸ਼ ਕੁਮਾਰ ਜੋ ਕਿ ਤਿੰਨ ਦਿਨ ਮੇਰੇ ਨਾਲ ਸੇਵਾ ਕਰਦੇ ਹਨ, ਬਦਲੇ ਵਿਚ ਅਸੀਂ ਮਰੀਜ਼ ਕੋਲੋਂ ਕੋਈ ਪੈਸਾ ਨਹੀਂ ਲੈਂਦੇ। ਜਗਦੀਸ਼ ਕੁਮਾਰ ਨੇ ਅੱਗੇ ਦੱਸਿਆ ਕਿ ਇਹ ਜੜੀ ਬੂਟੀ ਸਾਨੂੰ ਲੱਭਣ ਵਿਚ ਕਾਫੀ ਦਿੱਕਤ ਆਉਂਦੀ ਹੈ, ਕਿਉਂਕਿ ਘਣੇ ਘਾਹ ਵਿਚ ਸੱਪ ਅਤੇ ਹੋਰ ਜੀਵ ਜੰਤੂ ਹੁੰਦੇ ਹਨ, ਪਰ ਅਸੀਂ ਪ੍ਰਮਾਤਮਾ ਦਾ ਨਾਮ ਲੈ ਕੇ ਬੂਟੀ ਲੱਭਦੇ ਹਾਂ ਅਤੇ ਲੋਕਾਂ ਨੂੰ ਪੀਸ ਕੇ ਦਿੰਦੇ ਹਾਂ। ਸਾਡੀ ਦਵਾਈ ਨਾਲ ਲੱਖਾਂ ਨਹੀਂ ਕਰੋੜਾਂ ਲੋਕ ਠੀਕ ਹੁੰਦੇ ਹਨ। ਸਾਡਾ ਨੰਬਰ 7814262684 ਹੈ, ਜਿਸ ਵੀ ਮਰੀਜ਼ ਨੂੰ ਦਵਾਈ ਦੀ ਲੋੜ ਹੋਵੇ ਲੈ ਸਕਦਾ ਹੈ। ਸਾਡੀ ਦਵਾਈ ਮੁਫਤ ਹੈ ਕੋਈ ਪੈਸਾ ਨਹੀਂ ਲਿਆ ਜਾਂਦਾ ਹੈ। ਆਖਿਰ ਵਿਚ ਅਸੀਂ ਪ੍ਰਮਾਤਮਾ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕਰਦੇ ਹਾਂ ਕਿ ਉਹ ਜਗਦੀਸ਼ ਕੁਮਾਰ ਨੂੰ ਲੰਮੀਆਂ ਉਮਰਾ ਬਖਸ਼ਣ ਜੋ ਇਹ ਇਸੇ ਤਰ੍ਹਾਂ ਸਮਾਜ ਭਲਾਈ ਅਤੇ ਲੋਕ ਸੇਵਾ ਕਰਦੇ ਰਹਿਣ।

ਗੁਰੂ ਨਾਨਕ ਗੁਰਦੁਆਰਾ, ਸੇਡਗਲੀ ਸਟਰੀਟ, ਵੁਲਵਰਹੈਂਪਟਨ ਵਿਖੇ

# ਸਿੱਖ ਫੈਡਰੇਸ਼ਨ (ਯੂ.ਕੇ.) ਦੀ 40ਵੀਂ ਵਰ੍ਹੇਗੰਢ ਕਨਵੈਨਸ਼ਨ 15 ਸਤੰਬਰ ਨੂੰ



ਨਵੀਂ ਦਿੱਲੀ 14 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਐਤਵਾਰ 15 ਸਤੰਬਰ ਨੂੰ ਫੈਡਰੇਸ਼ਨ ਗੁਰੂ ਨਾਨਕ ਗੁਰਦੁਆਰਾ, ਸੇਡਗਲੀ ਸਟਰੀਟ, ਵੁਲਵਰਹੈਂਪਟਨ ਵਿਖੇ ਆਪਣੀ 40ਵੀਂ ਵਰ੍ਹੇਗੰਢ ਮਨਾ ਰਹੀ ਹੈ। 40ਵੀਂ ਵਰ੍ਹੇਗੰਢ, ਉਪਲਬਧ ਮੌਕਿਆਂ ਨੂੰ ਸਮਝਣ ਲਈ ਅਗਲੇ ਦਹਾਕੇ ਵਿੱਚ ਪਰਿਵਰਤਨ, ਪੁਨਰਗਠਨ ਅਤੇ ਵਿਕਾਸ ਕਰਨ ਦੇ ਸਮੇਂ ਦਾ ਸੰਕੇਤ ਕਰਦੀ ਹੈ। ਜਦੋਂ ਕਨਵੈਨਸ਼ਨ ਹੋਵੇਗੀ ਤਾਂ ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੂੰ ਕੈਨੇਡੀਅਨ ਪਾਰਲੀਮੈਂਟ ਵਿੱਚ ਖੜ੍ਹੇ ਹੋਏ ਇੱਕ ਸਾਲ ਹੋ ਜਾਵੇਗਾ ਅਤੇ ਭਾਰਤ ਸਰਕਾਰ 'ਤੇ ਕੈਨੇਡਾ ਦੀ ਧਰਤੀ 'ਤੇ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦੇ ਕਤਲ ਦਾ ਦੋਸ਼ ਲਗਾਇਆ ਹੈ। ਫਾਈਵ ਆਈਜ਼ ਦੇਸ਼ਾਂ ਦੀਆਂ ਖੁਫੀਆ ਏਜੰਸੀਆਂ ਨੂੰ ਭਾਰਤ ਸਰਕਾਰ ਅਤੇ ਇਸ ਦੇ ਸੰਚਾਲਕਾਂ 'ਤੇ ਕੋਈ ਭਰੋਸਾ ਨਹੀਂ ਹੈ। ਭਾਰਤ ਦੀਆਂ ਸਰਕਾਰਾਂ ਵੱਲੋਂ ਰੂਸ, ਈਰਾਨ ਲਈ ਅਥਾਹ ਸਮਰਥਨ ਅਤੇ ਚੀਨ ਵੱਲ ਵਧਦੇ ਹੋਏ ਇਸ ਨੂੰ ਅਧਿਕਾਰਤ ਤੌਰ 'ਤੇ 'ਠੱਗ ਰਾਜ' ਘੋਸ਼ਿਤ ਕਰਨ ਤੋਂ ਪਹਿਲਾਂ ਇਹ ਸਿਰਫ ਸਮੇਂ ਦੀ ਗੱਲ ਹੈ। ਇਸ ਲਈ ਪੱਛਮ ਦੀਆਂ ਸਰਕਾਰਾਂ ਨੂੰ ਕਾਰਵਾਈ ਕਰਨ ਅਤੇ ਦੱਖਣੀ ਏਸ਼ੀਆ ਵਿੱਚ ਪੇਸ਼ ਭੂ-ਰਾਜਨੀਤਿਕ ਚੁਣੌਤੀ ਦਾ ਇੱਕ ਵੱਖਰਾ ਹੱਲ ਲੱਭਣ ਦੀ ਲੋੜ ਹੋਵੇਗੀ। ਸਿੱਖ ਹੋਮਲੈਂਡ ਦੀ ਪੁਨਰ-ਸਥਾਪਨਾ ਦੇ ਵਿਸ਼ਵ-ਵਿਆਪੀ ਲਾਭਾਂ ਬਾਰੇ ਹੋਰ ਜਾਣਨ ਦੀ ਵੱਡੀ ਭੁੱਖ ਹੈ ਅਤੇ ਇਸ ਨੂੰ ਪੂਰਾ ਕਰਨ ਲਈ ਹੁਣ ਸੀਨੀਅਰ ਪੱਧਰ 'ਤੇ ਮੀਟਿੰਗਾਂ ਹੋ ਰਹੀਆਂ ਹਨ। ਕੰਜ਼ਰਵੇਟਿਵ ਸਰਕਾਰ ਦੇ 14 ਸਾਲਾਂ ਬਾਅਦ ਯੂਕੇ ਵਿੱਚ ਲੇਬਰ ਸੱਤਾ ਵਿੱਚ ਆਈ ਹੈ। ਵਿਰੋਧੀ ਧਿਰ ਲੇਬਰ ਨੇ ਜੂਨ 2024 ਵਿੱਚ ਜਾਰੀ ਕੀਤੇ ਗਏ ਸਿੱਖ ਮੈਨੀਫੈਸਟੋ ਦੇ ਤੀਜੇ ਐਡੀਸ਼ਨ ਵਿੱਚ ਨਿਰਧਾਰਤ ਕਈ ਮੁੱਦਿਆਂ 'ਤੇ ਬਹੁਤ ਸਾਰੇ ਵਾਅਦੇ ਕੀਤੇ ਹਨ। ਅਸੀਂ ਪਹਿਲਾਂ ਹੀ ਸੂਖਮ ਤਬਦੀਲੀਆਂ ਦੇਖ ਰਹੇ ਹਾਂ ਅਤੇ ਚੁੱਪਚਾਪ ਭਰੋਸਾ ਰੱਖਦੇ ਹਾਂ ਕਿ ਆਉਣ ਵਾਲੇ ਸਾਲਾਂ ਵਿੱਚ ਕਈ ਖੇਤਰਾਂ ਵਿੱਚ ਤਰੱਕੀ ਹੋਵੇਗੀ। ਆਉਣ ਵਾਲੇ ਮਹੀਨਿਆਂ ਵਿੱਚ ਮੰਤਰੀਆਂ ਨਾਲ ਮੀਟਿੰਗਾਂ ਇਹ ਸਪੱਸ਼ਟ ਕਰਨਗੀਆਂ ਕਿ ਸਰਕਾਰ ਨੂੰ ਕਿਹੜੇ ਦਬਾਅ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਅਸੀਂ ਕਿੰਨੀ ਜਲਦੀ ਅਤੇ ਕਿੱਥੇ ਵੱਧ ਤੋਂ ਵੱਧ ਤਰੱਕੀ ਕਰ ਸਕਦੇ ਹਾਂ। 40ਵੀਂ ਵਰ੍ਹੇਗੰਢ 'ਤੇ ਫੈਡਰੇਸ਼ਨ ਆਪਣੀ ਬਣਤਰ, ਲੀਡਰਸ਼ਿਪ ਅਤੇ ਤਰੀਕਿਆਂ ਜਾਂ ਕੰਮਕਾਜ ਵਿੱਚ ਕੁਝ ਬੁਨਿਆਦੀ ਅਤੇ ਦਿਲਚਸਪ ਬਦਲਾਅ ਕਰ ਰਹੀ ਹੈ। ਅਸੀਂ 15 ਮੈਂਬਰੀ ਰਾਸ਼ਟਰੀ ਕਾਰਜਕਾਰੀ ਟੀਮ ਦੇ ਨਾਲ ਪੰਜ ਪ੍ਰਧਾਨੀ ਪ੍ਰਣਾਲੀ ਦੀ ਅਗਵਾਈ ਕਰਨ ਜਾ ਰਹੇ ਹਾਂ ਜਿਸ ਵਿੱਚ ਜ਼ਿਆਦਾਤਰ ਬ੍ਰਿਟਿਸ਼ ਜਨਮੇ ਜਾਂ ਪੜ੍ਹੇ-ਲਿਖੇ ਸਿੱਖ ਹਨ। 15 ਮੈਂਬਰੀ ਕਾਰਜਕਾਰਨੀ ਨੂੰ 30 ਤੋਂ ਵੱਧ ਵਾਲੰਟੀਅਰਾਂ ਅਤੇ ਸਲਾਹਕਾਰਾਂ ਦੁਆਰਾ ਸਮਰਥਨ ਦਿੱਤਾ ਜਾਵੇਗਾ। ਇਸ ਵਿੱਚ ਘੱਟੋ-ਘੱਟ 15 ਸਿੱਖ ਔਰਤਾਂ ਦਾ ਇੱਕ ਵਰਕਿੰਗ ਗਰੁੱਪ ਸ਼ਾਮਲ ਹੋਵੇਗਾ ਜੋ ਕਈ ਪ੍ਰੋਜੈਕਟਾਂ ਦੀ ਅਗਵਾਈ ਕਰੇਗਾ। ਸੰਗਠਨ ਕੋਲ ਦਿਸ਼ਾ ਪ੍ਰਦਾਨ ਕਰਨ, ਜਵਾਬਦੇਹੀ ਨੂੰ ਯਕੀਨੀ ਬਣਾਉਣ ਅਤੇ ਸੰਗਠਨ ਦੀ ਰਣਨੀਤੀ ਦੀ ਨਿਗਰਾਨੀ ਕਰਨ ਲਈ ਦਹਾਕਿਆਂ ਦੇ ਤਜ਼ਰਬੇ ਵਾਲੇ ਚੰਗੇ ਸਤਿਕਾਰਤ ਵਿਅਕਤੀਆਂ ਦਾ ਇੱਕ ਰਣਨੀਤੀ ਬੋਰਡ ਵੀ ਹੋਵੇਗਾ।

ਪੰਜਾਬ, ਕੈਨੇਡਾ, ਅਮਰੀਕਾ ਅਤੇ ਯੂਰਪ ਤੋਂ ਸਿੱਖ ਹੋਮਲੈਂਡ ਦੀ ਵਕਾਲਤ ਕਰਨ ਵਾਲੀਆਂ ਪ੍ਰਮੁੱਖ ਹਸਤੀਆਂ ਇਸ ਕਨਵੈਨਸ਼ਨ ਵਿੱਚ ਹਿੱਸਾ ਲੈਣ ਲਈ ਇਕੱਠੇ ਹੋਣਗੀਆਂ ਜਿਸ ਵਿੱਚ 15,000 ਤੋਂ ਵੱਧ ਸਿੱਖਾਂ ਦੇ ਆਉਣ ਦੀ ਉਮੀਦ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਸਟੂਡੈਂਟਸ ਫੈਡਰੇਸ਼ਨ (ਮਹਿਤਾ) ਜਥੇਬੰਦੀ ਦਾ ਆਈ ਟੀ ਸੈੱਲ ਦਾ ਜ਼ਿਲਾ ਪ੍ਰਧਾਨ ਫਿਰੋਜਪੁਰ ਬਣਨ 'ਤੇ

# ਮਹਾਲਮ ਨੇ ਆਪਣੇ ਪੰਜਾਬ ਪ੍ਰਧਾਨ ਨਾਲ ਮੀਟਿੰਗ ਕੀਤੀ : ਡਾ.ਮਨਜੀਤ ਸਿੰਘ ਮਹਾਲਮ









ਫਿਰੋਜ਼ਪੁਰ 14 ਸਤੰਬਰ ਸੁਖਮੰਦਰ ਸਿੰਘ ਸ਼ਾਤ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ 80 ਵੇ ਸਥਾਪਨਾ ਦਿਵਸ ਤੇ ਗੁਰਦੁਆਰਾ ਬਿਬੇਕਸਰ ਸਾਹਿਬ ਅੰਮ੍ਰਿਤਸਰ ਸਾਹਿਬ ਵਿੱਖੇ ਹੋਏ ਸਮਾਗਮ ਵਿੱਚ ਦੇਸ਼ ਵਿਦੇਸ ਤੋ ਆਈਆਂ ਸੰਗਤਾ ਨੇ ਹਾਜਰੀ ਲਵਾਈਆਂ ਇਸ ਸਮਾਗਮ ਵਿੱਚ ਫਿਰੋਜਪੁਰ ਦੀ ਫੈਡਰੇਸ਼ਨ ਜਥੇਬੰਦੀ ਦੇ ਆਗੂਆਂ ਨੇ ਵੀ ਪਹੁੱਚ ਕੇ ਜਥੇਬੰਦੀ ਦੇ ਵੱਡਮੁੱਲੇ ਇਤਿਹਾਸ ਤੋ ਸੰਗਤਾ ਨੂੰ ਜਾਣੂ ਕਰਵਾਇਆ ਇਸ ਸਮੇ ਜ਼ਿਲਾ ਫਿਰੋਜਪੁਰ ਦੇ ਆਈ ਟੀ ਸੈੱਲ ਦੇ ਪ੍ਰਧਾਨ ਡਾਂ ਮਨਜੀਤ ਸਿੰਘ ਮਹਾਲਮ ਮਹਾਲਮ ਨੇ ਪ੍ਰਧਾਨ ਬਣਨ ਤੋ ਬਾਅਦ ਆਪਣੀ ਪੰਜਾਬ ਦੀ ਸੀਨੀਅਰ ਟੀਮ ਤੇ ਪੰਜਾਬ ਪ੍ਰਧਾਨ ਭਾਈ ਅਮਰਬੀਰ ਸਿੰਘ ਢੋਟ ਨਾਲ ਮੀਟਿੰਗ ਕਰ ਉਹਨਾਂ ਦਾ ਇਹ ਜਿੰਮੇਵਾਰੀ ਦਾਸ ਦੀ ਝੋਲੀ ਪਾਉਣ ਤੇ ਧੰਨਵਾਦ ਕਰਦਿਆ ਨਾਲ ਹੀ ਉਹਨਾ ਨੇ ਆਪਣੇ ਜ਼ਿਲੇ ਦੇ ਆਗੂ ਸਾਹੇਬਾਨਾ ਦਾ ਭਾਈ ਜਸਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ ਪੰਜਾਬ ਜ਼ਿਲਾ ਪ੍ਰਧਾਨ ਭਾਈ ਗੁਰਮੀਤ ਸਿੰਘ ਕੋਮੀ ਸਕੱਤਰ ਭਾਈ ਜਰਨੈਲ ਸਿੰਘ ਗਾਬੜੀਆ ਦਿਹਾਤੀ ਪ੍ਰਧਾਨ ਜਸਵੀਰ ਸਿੰਘ ਤੇ ਸ਼ਹਿਰੀ ਪ੍ਰਧਾਨ ਕੁਲਦੀਪ ਸਿੰਘ ਨੱਢਾ ਜੀ ਦਾ ਵੀ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਮੌਸਮੀ ਫਲ ਸਬਜ਼ੀਆਂ ਖਾਣ ਨੂੰ ਤਰਜੀਹ ਦਿੱਤੀ ਜਾਵੇ - ਅਸ਼ੋਕ ਕੁਮਾਰ ਐਸ ਆਈ



ਧੂਰੀ ( ਰਣਜੀਤ ਸਿੰਘ ਪੇਧਨੀ ) ਸਿਵਲ ਸਰਜਨ ਡਾ. ਕਿਰਪਾਲ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾ ਅਤੇ ਐਸ ਐਮ ਓ ਡਾਕਟਰ ਰਾਜੇਸ਼ ਗਰਗ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਪਿੰਡ ਨੱਤ ਵਿਖੇ ਪੋਸ਼ਣ ਮਹੀਨੇ ਤਹਿਤ ਸਾਰੀਆਂ ਗਰਭਵਤੀ ਔਰਤਾਂ ਅਤੇ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਦਾ ਚੈਕ ਅੱਪ ਦੌਰਾਨ ਆਇਰਨ ਅਤੇ ਆਇਓਡੀਨ ਯੁਕਤ ਭੋਜਨ ਦਾ ਸੇਵਨ ਕਰਨ ਲਈ ਜਾਗਰੂਕ ਕੀਤਾ ਗਿਆ ਅਤੇ ਸੰਤੁਲਿਤ ਭੋਜਨ ਖਾਣ ਲਈ ਜਾਗਰੂਕਤ ਕੀਤਾ ਅਤੇ ਨਿੱਜੀ ਸਫ਼ਾਈ ਦਾ ਖ਼ਾਸ ਧਿਆਨ ਰੱਖਣਾ ਚਾਹੀਦਾ ਹੈ ਖਾਣਾ ਖਾਣ ਤੋਂ ਪਹਿਲਾਂ ਅਤੇ ਬਾਅਦ ਵਿੱਚ ਹੱਥਾਂ ਨੂੰ ਚੰਗੀ ਤਰ੍ਹਾਂ ਸਾਬਨ ਨਾਲ ਧੋਣਾ ਚਾਹੀਦਾ ਹੈ ਤਾਂ ਜੋ ਪੇਟ ਰੋਗਾਂ ਤੋਂ ਬਚਿਆ ਜਾ ਸਕੇ ਅਤੇ ਤਾਂ ਜੋ ਸਿਹਤ ਦੇ ਮਿਆਰ ਉੱਚਾ ਚੁੱਕਿਆ ਜਾ ਸਕੇ ਅਤੇ ਇਸ ਮੌਕੇ ਬਾਲ ਵਿਕਾਸ ਵਿਭਾਗ ਅਤੇ ਸਿਹਤ ਵਿਭਾਗ ਦੇਵ ਮੁਲਾਜਮਾਂ ਨੇ ਗੋਦ ਭਰਾਈ ਦੀ ਰਸਮ ਕਰਵਾਈ ਗਈ ਇਸ ਮੌਕੇ ਸਿਹਤ ਵਿਭਾਗ ਦੇ ਸੁਪਰਵਾਈਜ਼ਰ ਅਸ਼ੋਕ ਕੁਮਾਰ ਅਤੇ ਅੰਜੂ ਬਾਲਾ ਵਿਸ਼ੇਸ ਤੋਰ ਤੇ ਹਾਜ਼ਰ ਹੋਏ ਅਤੇ ਇਸ ਪ੍ਰੋਗਰਾਮ ਮੌਕੇ ਮਨਜੀਤ ਕੌਰ,ਪਰਵਿੰਦਰ ਕੌਰ ਮ,ਪ,ਹ,ਵ (ਫ) ਅਤੇ ਬਲਵਿੰਦਰ ਕੌਰ, ਸੰਦੀਪ ਕੌਰ ਆਂਗਨਵਾੜੀ ਵਰਕਰ ਅਤੇ ਬੇਅੰਤ ਕੌਰ ਸੀ ਐਚ ਓ,ਗੁਰਪ੍ਰੀਤ ਸਿੰਘ,ਗੁਰਵਿੰਦਰ ਸਿੰਘ ਮ,ਪ,ਹ,ਵ (ਮ) ਅਤੇ ਕਿਰਨਜੀਤ ਕੌਰ,ਮਨਦੀਪ ਕੌਰ ਆਂਗਨਵਾੜੀ ਹੈਲਪਰ ਅਤੇ ਸੋਮਾ ਕੌਰ,ਜਸਵਿੰਦਰ ਕੌਰ ਆਸ਼ਾ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕੇਜਰੀਵਾਲ ਨੂੰ ਸੁਪਰੀਮ ਕੋਰਟ ਤੋਂ ਜ਼ਮਾਨਤ ਮਿਲਣਾ ਸੱਚਾਈ ਦੀ ਜਿੱਤ: ਡਾ.ਕਰਨ ਸੇਰਪੁਰ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਮੁੱਖ ਮੰਤਰੀ ਦਿੱਲੀ ਨੂੰ ਮਾਣਯੋਗ ਸੁਪਰੀਮ ਕੋਰਟ ਵੱਲੋਂ ਅੱਜ ਜ਼ਮਾਨਤ ਮਿਲਣ ਨਾਲ ਆਪ ਵਲੰਟੀਅਰਾਂ ਵਿਚ ਖੁਸ਼ੀ ਦੀ ਲਹਿਰ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਡਾਕਟਰ ਕਰਨ ਸੇਰਪੁਰ ਨੇ ਕੀਤਾ। ਉਨ੍ਹਾਂ ਕਿਹਾ ਕਿ ਮਾਣਯੋਗ ਸੁਪਰੀਮ ਕੋਰਟ ਦੇ ਫੈਸਲੇ ਨਾਲ ਲੋਕਾਂ ਵਿੱਚ ਬਹੁਤ ਹੀ ਉਤਸ਼ਾਹ ਪਾਇਆ ਜਾਂ ਰਿਹਾ ਹੈ। ਦਿੱਲੀ ਦੇ ਕਥਿਤ ਸ਼ਰਾਬ ਘੋਟਾਲੇ ਦੇ ਝੂਠੇ ਦੋਸ਼ ਲਗਾ ਕੇ ਮੋਦੀ ਸਰਕਾਰ ਦੇ ਹੱਥ ਠੋਕੇ ਈਡੀ ਨੇ 21 ਮਾਰਚ ਨੂੰ ਕੇਜਰੀਵਾਲ ਨੂੰ ਗ੍ਰਿਫਤਾਰ ਕੀਤਾ ਸੀ ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਨੂੰ ਈਡੀ ਦੇ ਕੇਸ ਚੋਂ ਪਹਿਲਾਂ ਹੀ ਜ਼ਮਾਨਤ ਮਿਲ ਚੁੱਕੀ ਹੈ ਮਾਣਯੋਗ ਸੁਪਰੀਮ ਕੋਰਟ ਨੇ ਹੁਣ ਉਹਨਾਂ ਨੂੰ ਸੀਬੀਆਈ ਕੇਸ ਵਿੱਚੋਂ ਵੀ ਜ਼ਮਾਨਤ ਦੇ ਦਿੱਤੀ ਹੈ। ਇਸ ਜ਼ਮਾਨਤ ਦਾ ਮਿਲਣਾ ਤਾਨਾਸ਼ਾਹੀ ਮੋਦੀ ਸਰਕਾਰ ਦੇ ਮੂੰਹ ਤੇ ਕਰਾਰਾ ਤਮਾਚਾ ਹੈ ਅਤੇ ਸੱਚਾਈ ਦੀ ਤਾਕਤ ਨਾਲ ਤਾਨਾਸ਼ਾਹੀ ਜੇਲ੍ਹ ਦੇ ਜੰਦਰੇ ਵੀ ਟੁੱਟੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅਰਵਿੰਦ ਕੇਜਰੀਵਾਲ ਨੂੰ ਜ਼ਮਾਨਤ ਮਿਲਣਾ ਜਿੱਤ ਦੀ ਨਿਸਾਨੀ ਹੈ : ਜੱਸੀ ਸੇਖੋਂ



ਧੂਰੀ ( ਰਣਜੀਤ ਸਿੰਘ ਪੇਧਨੀ ) ਸੱਚ ਹਮੇਸ਼ਾ ਸਾਹਮਣੇ ਆਉਂਦਾ ਹੈ ਅਤੇ ਜਦੋਂ ਵੀ ਕਿਸੇ ਨੇ ਸੱਚ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਹੈ ਤਾਂ ਇੱਕ ਦਿਨ ਸੱਚ ਸਾਹਮਣੇ ਆ ਜਾਂਦਾ ਹੈ ਅਤੇ ਝੂਠ ਬੋਲਣ ਵਾਲਿਆਂ ਨੂੰ ਹਾਰ ਦਾ ਸਾਹਮਣਾ ਕਰਨਾ ਪੈਂਦਾ ਹੈ। ਜਿਨ੍ਹਾਂ ਲੋਕਾਂ ਨੇ ਅਰਵਿੰਦ ਕੇਜਰੀਵਾਲ ਨੂੰ ਝੂਠੇ ਕੇਸ ਵਿੱਚ ਫਸਾ ਕੇ ਲੰਮਾ ਸਮਾਂ ਜੇਲ੍ਹ ਵਿੱਚ ਰੱਖਿਆ ਉਹ ਸਮਝ ਗਏ ਹੋਣਗੇ ਕਿ ਜਿਸ ਦੇ ਨਾਲ ਰੱਬ ਹੈ ਉਹ ਕਦੇ ਹਾਰਦਾ ਨਹੀਂ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਜਸਵੀਰ ਸਿੰਘ ਜੱਸੀ ਸੇਖੋਂ ਨੇ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰਕੇ ਲੋਕਾਂ ਨੂੰ ਆਪਣਾ ਜੀਵਨ ਸਮਰਪਿਤ ਕਰਨ ਵਾਲੇ ਵਿਅਕਤੀ ਨੂੰ ਖਤਮ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ ਹਨ। ਪਰ ਜਦੋਂ ਵੀ ਕੇਜਰੀਵਾਲ ਨੂੰ ਤੰਗ ਪ੍ਰੇਸ਼ਾਨ ਕੀਤਾ ਗਿਆ ਤਾਂ ਉਹ ਮਜ਼ਬੂਤ ਹੋ ਕੇ ਸਾਹਮਣੇ ਆਏ ਨੇ। ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਇੱਕ ਅਜਿਹੇ ਵਿਅਕਤੀ ਹਨ ਜਿਨ੍ਹਾਂ ਦਾ ਇੱਕੋ ਇੱਕ ਉਦੇਸ਼ ਜਨਤਾ ਦੀ ਸੇਵਾ ਕਰਨਾ ਹੈ ਅਤੇ ਭਾਵੇਂ ਦਿੱਲੀ ਦੀ ਕੇਂਦਰ ਸਰਕਾਰ ਉਨ੍ਹਾਂ ਦੀ ਸੋਚ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ ਪਰ ਉਹ ਕਦੇ ਵੀ ਕਾਮਯਾਬ ਨਹੀਂ ਹੋਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਅੱਜ ਸਿੱਖ ਸਟੂਡੈਂਟਸ ਫੈਡਰੇਸਨ (ਮਹਿਤਾ) ਦੇ 80 ਵੇ ਸਥਾਪਨਾ ਦਿਵਸ ਤੇ ਡਾਂ ਮਨਜੀਤ ਸਿੰਘ ਨੂੰ ਮਿਲਿਆ ਵਿਸੇਸ ਸਣਮਾਣ - ਡਾਂ ਮਹਾਲਮ



ਫਿਰੋਜ਼ਪੁਰ 14 ਸਤੰਬਰ (ਸੁਖਮੰਦਰ ਸਿੰਘ ਸ਼ਾਤ )ਅੱਜ ਸਿੱਖ ਸਟੂਡੈਂਟਸ ਫੈਡਰੇਸਨ ਮਹਿਤਾ ਦੇ 80 ਵੇ ਸਥਾਪਨਾ ਦਿਵਸ ਤੇ ਗੁਰਦੁਆਰਾ ਬਿਬੇਕਸਰ ਸਾਹਿਬ ਅੰਮ੍ਰਿਤਸਰ ਸਾਹਿਬ ਵਿੱਖੇ ਹੋਏ ਸਮਾਗਮ ਵਿੱਚ ਜਿੱਥੇ ਦੇਸ਼ ਵਿਦੇਸ ਦੀਆ ਸੰਗਤਾ ਨੇ ਹਾਜਰੀ ਭਰ ਜਥੇਬੰਦੀ ਨੂੰ ਵਧਾਈਆਂ ਦਿੱਤੀਆਂ ਉਥੇ ਫਿਰੋਜਪੁਰ ਜੁੱਨਟ ਦੀ ਜਥੇਬੰਦੀ ਬੰਦੀ ਦੇ ਆਗੂਆਂ ਨੇ ਵੀ ਸਮਾਗਮ ਵਿੱਚ ਹਾਜਰੀ ਲਵਾ ਆਪਣੇ ਆਗੂਆਂ ਨੂੰ ਵਧਾਈਆਂ ਦੇਣ ਉਪਰੰਤ ਭਾਈ ਜਸਪਾਲ ਸਿੰਘ ਕੋਮੀ ਸਕੱਤਰ ਨੇ ਸੰਗਤਾ ਨੂੰ ਫੈਡਰੇਸ਼ਨ ਦੇ ਇਤਹਾਸ ਤੋ ਜਾਣੂ ਕਰਵਾਇਆ ਸਮਾਗਮ ਦੀ ਸਮਾਪਤੀ ਉਪਰੰਤ ਵੱਖ ਵੱਖ ਪੰਜਾਬ ਦੇ ਹਿੱਸਿਆ ਤੋ ਆਏ ਹੋਏ ਆਗੂਆਂ ਦਾ ਸਣਮਾਣ ਕੀਤਾ ਉਥੇ ਹੀ ਆਈ ਟੀ ਸੈੱਲ ਫਿਰੋਜ਼ਪੁਰ ਦੇ ਜ਼ਿਲਾ ਪ੍ਰਧਾਨ ਡਾਂ ਮਨਜੀਤ ਸਿੰਘ ਮਹਾਲਮ ਨੂੰ ਵੀ ਸੰਤਾ ਮਹਾਪੁਰਖਾ ਦੀ ਤਸਵੀਰ ਦੇ ਕੇ ਵਿਸੇਸ ਸਣਮਾਣ ਪੰਜਾਬ ਪ੍ਰਧਾਨ ਭਾਈ ਅਮਰਬੀਰ ਸਿੰਘ ਢੋਟ ਨੇ ਕੀਤਾ ਇਹ ਸਣਮਾਣ ਪ੍ਰਾਪਤ ਕਰਨ ਉਪਰੰਤ ਮਹਾਲਮ ਨੇ ਢੋਟ ਸਾਹਿਬ ਦਾ ਤੇ ਆਪਣੇ ਜ਼ਿਲੇ ਦੀ ਜਥੇਬੰਦੀ ਦਾ ਧੰਨਵਾਦ ਕੀਤਾ ਇਸ ਸਮੇ ਉਹਨਾਂ ਨਾਲ਼ ਜਰਨੈਲ ਸਿੰਘ ਗਾਬੜੀਆ ਕੋਮੀ ਸਕੱਤਰ ਜਸਵੀਰ ਸਿੰਘ ਦਿਹਾਤੀ ਪ੍ਰਧਾਨ ਕੁਲਦੀਪ ਸਿੰਘ ਨੱਢਾ ਸਾਹਿਬ ਸ਼ਹਿਰੀ ਪ੍ਰਧਾਨ ਕਰਮਜੀਤ ਸਿੰਘ ਆਦਿ ਹਾਜਰ ਸਨ

### ਪਿੰਡ ਵਾੜਾ ਸ਼ੇਰ ਸਿੰਘ ਜ਼ਿਲ੍ਹਾ ਤਰਨਤਾਰਨ ਅਤੇ ਹੋਰ ਨਗਰਾਂ ਤੋਂ ਸ੍ਰੀ ਹੇਮਕੁੰਟ ਸਾਹਿਬ ਅਤੇ ਹੋਰ

# ਗੁਰਧਾਮਾਂ ਦੇ ਦਰਸ਼ਨ ਦੀਦਾਰੇ ਕਰਕੇ ਸੰਗਤਾਂ ਵਾਪਸ ਪਰਤੀਆਂ



**ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਸਦਕਾ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ੍ਰੀ ਹੇਮਕੁੰਟ ਸਾਹਿਬ ਅਤੇ ਹੋਰ ਗੁਰਧਾਮਾਂ ਦੇ ਦਰਸ਼ਨ ਦੀਦਾਰਿਆਂ ਲਈ ਪਿੰਡ ਵਾੜਾ ਸ਼ੇਰ ਸਿੰਘ ਅਤੇ ਹੋਰ ਨਗਰ ਜ਼ਿਲ੍ਹਾ ਤਰਨਤਾਰਨ ਤੋਂ 13 ਗੱਡੀਆਂ ਦੇ ਕਾਫਲੇ ਨਾਲ ਸੰਗਤਾਂ ਗੁਰਦੁਆਰਾ ਧੰਨ ਧੰਨ ਬਾਬਾ ਬੀਰ ਸਿੰਘ ਜੀ ਵਾੜਾ ਸ਼ੇਰ ਸਿੰਘ ਤੋਂ ਗੁਰੂ ਸਾਹਿਬ ਜੀ ਦੇ ਚਰਨਾਂ ਚ ਅਰਦਾਸ ਬੇਨਤੀ ਕਰਕੇ ਸੰਗਤਾਂ ਰਵਾਨਾ ਹੋਈਆਂ ਗੁਰੂ ਸਾਹਿਬ ਜੀ ਦੀ ਮਹਾਨ ਕਿਰਪਾ ਸਦਕਾ ਸੰਗਤਾਂ ਦਰਸ਼ਨ ਦੀਦਾਰੇ ਕਰਕੇ ਵਾਪਸ ਪਹੁੰਚੀਆਂ। ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਬੋਲਦਿਆ ਦੱਸਿਆ ਕਿ ਮਿਤੀ 6 ਸਤੰਬਰ ਦਿਨ ਸ਼ੁੱਕਰਵਾਰ ਨੂੰ ਅੰਮ੍ਰਿਤ ਵੇਲੇ ਗੁਰੂ ਸਾਹਿਬ ਜੀ ਦੇ ਚਰਨਾਂ ਚ ਅਰਦਾਸ ਬੇਨਤੀ ਕਰਕੇ ਸੰਗਤਾਂ ਸ੍ਰੀ ਹੇਮਕੁੰਟ ਸਾਹਿਬ ਜੀ ਦੇ ਦਰਸ਼ਨ ਦੀਦਾਰਿਆਂ ਨੂੰ ਰਵਾਨਾ ਹੋਈਆਂ । ਗੱਡੀਆਂ ਦੀ ਸੇਵਾ ਪਿੰਡ ਵਾੜਾ ਸ਼ੇਰ ਸਿੰਘ ਤੋਂ ਸ੍ਰ ਕਰਨੈਲ ਸਿੰਘ ਜੀ ਸਪੁੱਤਰ ਸ੍ਰ ਮੁਖਤਿਆਰ ਸਿੰਘ ਜੀ ਦੇ ਪਰਿਵਾਰ ਵੱਲੋਂ ਕੀਤੀ ਗਈ। ਇਸੇ ਤਰ੍ਹਾਂ ਬਾਬਾ ਜੀ ਨੇ ਬੋਲਦਿਆਂ ਕਿਹਾ ਕਿ ਸ੍ਰ ਜਸਬੀਰ ਸਿੰਘ ਜੀ ਮੱਦਰ ਹੁਰਾਂ ਦੀ ਅਗਵਾਈ ਵਿੱਚ ਸਮੂਹ ਵੀਰਾਂ ਨੇ ਗੱਡੀਆਂ ਦੀ ਸੇਵਾ ਕੀਤੀ। ਮਿਤੀ 13 ਦਿਨ ਸ਼ੁੱਕਰਵਾਰ ਨੂੰ ਅੰਮ੍ਰਿਤ ਵੇਲੇ ਸੰਗਤਾਂ ਵਾਪਸ ਪਰਤੀਆ ।ਇਸ ਮੌਕੇ ਸ੍ਰ ਚਾਨਣ ਸਿੰਘ ਸਰਪੰਚ,ਬਾਬਾ ਹਰਦੇਵ ਸਿੰਘ ਜੀ ਭੈਣੀ ਮੱਸਾ ਸਿੰਘ ਇਕਾਈ ਪ੍ਰਧਾਨ ,ਬਾਬਾ ਦਇਆ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ, ਸ੍ਰ ਕਰਨੈਲ ਸਿੰਘ ਜੀ ਸਪੁੱਤਰ ਸ੍ਰ ਮੁਖਤਿਆਰ ਸਿੰਘ, ਰਸ਼ਪਾਲ ਸਿੰਘ, ਮਨਜੀਤ ਸਿੰਘ, ਗੁਰਸ਼ਰਨ ਸਿੰਘ, ਦਲੇਰ ਸਿੰਘ ਕਲਸੀਆਂ, ਦਿਲਬਾਗ ਸਿੰਘ, ਭਗਵੰਤ ਸਿੰਘ ਦਿਆਲਪੁਰਾ, ਸ੍ਰ ਬਲਵਿੰਦਰ ਸਿੰਘ ਅਲਗੋ,ਗੁਰਸਾਹਬ ਸਿੰਘ ਅਤੇ ਹੋਰ ਬੇਅੰਤ ਸੰਗਤਾਂ ਹਾਜਰ ਸਨ।

**ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਬੋਲਦਿਆਂ ਕਿਹਾ ਕਿ ਗੱਡੀਆਂ ਦੀ ਸੇਵਾ ਪਿੰਡ ਵਾੜਾ ਸ਼ੇਰ ਸਿੰਘ ਤੋਂ ਸ੍ਰ ਕਰਨੈਲ ਸਿੰਘ ਸਪੁੱਤਰ ਸ੍ਰ ਮੁਖਤਿਆਰ ਸਿੰਘ ਜੀ ਦੇ ਪਰਿਵਾਰ ਵੱਲੋਂ ਕੀਤੀ ਗਈ**

### ਪਿੰਡ ਅਲਗੋਂ ਕਲਾਂ, ਵਾੜਾ ਸ਼ੇਰ ਸਿੰਘ ਜ਼ਿਲ੍ਹਾ ਤਰਨਤਾਰਨ ਅਤੇ ਹੋਰ ਨਗਰਾਂ ਤੋਂ

# ਸ੍ਰੀ ਅਨੰਦਪੁਰ ਸਾਹਿਬ ਅਤੇ ਹੋਰ ਗੁਰਧਾਮਾਂ ਦੇ ਦਰਸ਼ਨ ਦੀਦਾਰਿਆਂ ਨੂੰ ਰਵਾਨਾ









**ਤਰਨਤਾਰਨ, (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਸਦਕਾ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਅਤੇ ਹੋਰ ਗੁਰਧਾਮਾਂ ਦੇ ਦਰਸ਼ਨ ਦੀਦਾਰਿਆਂ ਲਈ ਪਿੰਡ ਅਲਗੋਂ ਕਲਾਂ,ਵਾੜਾ ਸ਼ੇਰ ਸਿੰਘ ਅਤੇ ਹੋਰ ਨਗਰ ਜ਼ਿਲ੍ਹਾ ਤਰਨਤਾਰਨ ਤੋਂ ਸੰਗਤਾਂ ਗੁਰੂ ਸਾਹਿਬ ਜੀ ਦੇ ਚਰਨਾਂ ਚ ਅਰਦਾਸ ਬੇਨਤੀ ਕਰਕੇ ਸੰਗਤਾਂ ਰਵਾਨਾ ਹੋਈਆਂ। ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਬੋਲਦਿਆ ਦੱਸਿਆ ਕਿ ਮਿਤੀ 14 ਸਤੰਬਰ ਦਿਨ ਸ਼ੁੱਕਰਵਾਰ ਨੂੰ ਅੰਮ੍ਰਿਤ ਵੇਲੇ ਗੁਰੂ ਸਾਹਿਬ ਜੀ ਦੇ ਚਰਨਾਂ ਚ ਅਰਦਾਸ ਬੇਨਤੀ ਕਰਕੇ ਸੰਗਤਾਂ ਸ੍ਰੀ ਅਨੰਦਪੁਰ ਸਾਹਿਬ ਜੀ ਦੇ ਦਰਸ਼ਨ ਦੀਦਾਰਿਆਂ ਨੂੰ ਰਵਾਨਾ ਹੋਈਆਂ । ਗੱਡੀਆਂ ਦੀ ਸੇਵਾ ਪਿੰਡ ਅਲਗੋਂ ਕਲਾਂ ਤੋਂ ਸ੍ਰ ਜਗਜੀਤ ਸਿੰਘ ਜੀ ਸਪੁੱਤਰ ਸ੍ਰ ਸਤਨਾਮ ਸਿੰਘ ਜੀ ਦੇ ਪਰਿਵਾਰ ਵੱਲੋਂ ਕੀਤੀ ਗਈ। ਇਸੇ ਤਰ੍ਹਾਂ ਬਾਬਾ ਜੀ ਨੇ ਬੋਲਦਿਆਂ ਕਿਹਾ ਕਿ ਰਵਾਨਗੀ ਤੋਂ ਪਹਿਲਾਂ ਸ੍ਰ ਕਰਨੈਲ ਸਿੰਘ ਜੀ ਦੇ ਪਰਿਵਾਰ ਵੱਲੋ ਸੰਗਤਾਂ ਨੂੰ ਗ੍ਰਹਿ ਵਿਖੇ ਬੁਲਾ ਕੇ ਬਹੁਤ ਹੀ ਸ਼ਰਧਾ ਭਾਵਨਾ ਨਾਲ ਸੇਵਾ ਕੀਤੀ। ਉਹਨਾਂ ਕਿਹਾ ਕਿ ਬਹੁਤ ਹੀ ਖੁਸ਼ੀ ਵਾਲੀ ਗੱਲ ਹੈ ਜੋ ਮਿਤੀ 13 ਨੂੰ ਅੰਮ੍ਰਿਤ ਵੇਲੇ ਸੰਗਤਾਂ ਸੱਚਖੰਡ ਸ੍ਰੀ ਹੇਮਕੁੰਟ ਸਾਹਿਬ ਜੀ ਤੋਂ ਦਰਸ਼ਨ ਦੀਦਾਰੇ ਕਰਕੇ ਵਾਪਸ ਆਈਆਂ ਸਨ। ਅੱਜ ਅੰਮ੍ਰਿਤ ਵੇਲੇ ਗੁਰੂ ਸਾਹਿਬ ਜੀ ਦੀ ਕਿਰਪਾ ਸਦਕਾ ਸੰਗਤਾਂ ਨੇ ਸ੍ਰੀ ਆਨੰਦਪੁਰ ਸਾਹਿਬ ਜੀ ਨੂੰ ਦਰਸ਼ਨ ਦੀਦਾਰਿਆਂ ਲਈ ਚਾਲੇ ਪਾਏ ।ਇਸ ਮੌਕੇ ਸ੍ਰ ਵਰਾਜਦੀਪ ਸਿੰਘ ਅਲਗੋਂ,ਬਾਬਾ ਹਰਦੇਵ ਸਿੰਘ ਜੀ ਭੈਣੀ ਮੱਸਾ ਸਿੰਘ ਇਕਾਈ ਪ੍ਰਧਾਨ ,ਬਾਬਾ ਦਇਆ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ, ਸ੍ਰ ਜਗਜੀਤ ਸਿੰਘ ਜੀ ਸਪੁੱਤਰ ਸ੍ਰ ਸਤਨਾਮ ਸਿੰਘ, ਸ੍ਰ ਭਗਵੰਤ ਸਿੰਘ ਜੀ ਦਿਆਲਪੁਰ, ਬੀਬੀ ਕੁਲਵਿੰਦਰ ਕੌਰ ਸਮੇਤ ਪਰਿਵਾਰ,ਬੀਬੀ ਕਸ਼ਮੀਰ ਕੌਰ ,ਚੰਨਪ੍ਰੀਤ ਸਿੰਘ ਅਤੇ ਹੋਰ ਬੇਅੰਤ ਸੰਗਤਾਂ ਹਾਜਰ ਸਨ।

**ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਬੋਲਦਿਆਂ ਕਿਹਾ ਕਿ ਗੱਡੀ ਦੀ ਸੇਵਾ ਪਿੰਡ ਅਲਗੋਂ ਕਲਾਂ ਤੋਂ ਸ੍ਰ ਜਗਜੀਤ ਸਿੰਘ ਸਪੁੱਤਰ ਸ੍ਰ ਸਤਨਾਮ ਸਿੰਘ ਜੀ ਦੇ ਪਰਿਵਾਰ ਵੱਲੋਂ ਕੀਤੀ ਗਈ**

# ਨੈਸ਼ਨਲ ਲੋਕ ਅਦਾਲਤ ਵਿੱਚ ਰਾਜੀਨਾਮਾ ਹੋਣ ਯੋਗ ਕੇਸਾਂ ਦੇ ਨਿਪਟਾਰੇ ਲਈ 7429 ਕੇਸਾਂ ਵਿੱਚੋਂ, 4451 ਕੇਸਾਂ ਦਾ ਕੀਤਾ ਨਿਪਟਾਰਾ



**ਗੁਰਦਾਸਪੁਰ/ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 14 ਸਤੰਬਰ (ਕੁਲਜੀਤ ਸਿੰਘ ਖੋਖਰ)**-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਮਾਨਯੋਗ ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ, ਜੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਦੀਆਂ ਹਦਾਇਤਾਂ ਮੁਤਾਬਕ ਅਤੇ ਸ੍ਰੀ ਰਜਿੰਦਰ ਅਗਰਵਾਲ, ਮਾਨਯੋਗ ਜਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਪਰਸਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਜੀਆਂ ਦੀ ਰਹਿਨੁਮਾਈ ਹੇਠ ਮੈਡਮ ਰਮਨੀਤ ਕੌਰ, ਮਾਨਯੋਗ ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਜੀਆਂ ਦੁਆਰਾ ਸੈਸ਼ਨਜ਼ ਡਵੀਜਨ, ਗੁਰਦਾਸਪੁਰ ਅਧੀਨ ਸਮੂਹ ਨਿਆਇਕ ਅਦਾਲਤਾਂ ਵੱਲੋਂ ਕੇਸਾਂ ਦੇ ਨਿਪਟਾਰੇ ਲਈ ਨੈਸ਼ਨਲ ਲੋਕ ਅਦਾਲਤ ਲਗਾਈ ਗਈ। ਇਸ ਨੈਸ਼ਨਲ ਲੋਕ ਅਦਾਲਤ ਲਈ ਗੁਰਦਾਸਪੁਰ ਅਤੇ ਬਟਾਲਾ ਵਿਖੇ ਨਿਆਇਕ ਅਧਿਕਾਰੀਆਂ ਦੇ ਕੁੱਲ 14 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ। ਇਸ ਨੈਸ਼ਨਲ ਲੋਕ ਅਦਾਲਤ ਵਿੱਚ ਹੇਠ ਲਿਖੇ ਕਿਸਮਾਂ ਦੇ ਕੇਸ ਲਗਾਏ ਗਏ, ਜਿਵੇਂ ਕਿ -ਫੌਜਦਾਰੀ, ਚੈੱਕ ਬਾਊਂਸ, ਬੈਂਕਾਂ ਦੇ ਕੇਸ, ਐਕਸੀਡੈਂਟ ਕਲੇਮ ਕੇਸ ਅਤੇ ਪਰਿਵਾਰਿਕ ਝਗੜੇ ਆਦਿ ਕੇਸ ਲਗਾਏ ਕੇਸ ਲਗਾਏ ਗਏ। ਇਸ ਤੋਂ ਇਲਾਵਾ ਪ੍ਰੀ-ਲੀਟੀਗੇਟਿਵ ਕੇਸ ਜਿਵੇਂ ਕਿ ਬੈਂਕ ਰਿਕਵਰੀ ਕੇਸ, ਲੇਬਰ ਆਦਿ ਕੇਸ ਲਗਾਏ ਗਏ। ਇਸ ਲੋਕ ਅਦਾਲਤ ਵਿੱਚ ਰਾਜੀਨਾਮਾ ਹੋਣ ਯੋਗ ਕੇਸਾਂ ਦੇ ਨਿਪਟਾਰੇ ਲਈ 7429 ਕੇਸ ਲਗਾਏ ਗਏ ਹਨ, ਜੋ ਕਿ ਕੋਰਟਾਂ ਵਿੱਚ ਲੰਬਿਤ ਸਨ ਅਤੇ ਪ੍ਰੀ-ਲੀਟੀਗੇਟਿਵ ਕੇਸ ਸਨ, ਜਿਨ੍ਹਾ ਵਿੱਚੋਂ ਕੁੱਲ 4451 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ 244014542/-ਰੁਪਏ ਦੀ ਰਕਮ ਦੇ ਆਵਾਰਡ ਪਾਸ ਕੀਤੇ ਗਏ। ਇਸ ਮੌਕੇ ਸ੍ਰੀ ਰਜਿੰਦਰ ਅਗਰਵਾਲ, ਮਾਨਯੋਗ ਜਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਪਰਸਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਨੇ ਦੱਸਿਆ ਕਿ ਲੋਕ ਅਦਾਲਤਾਂ ਦਾ ਮੁੱਖ ਮਨੋਰਥ ਦੋਵੇਂ ਧਿਰਾਂ ਦੀ ਆਪਸੀ ਰਜਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਹੈ ਤਾਂ ਜੋ ਧਿਰਾਂ ਦੇ ਕੀਮਤੀ ਸਮੇਂ ਅਤੇ ਧਨ ਦੀ ਬਚਤ ਹੋ ਸਕੇ ਅਤੇ ਆਪਸੀ ਦੁਸ਼ਮਣੀ ਘਟਾਈ ਜਾ ਸਕੇ। ਲੋਕ ਅਦਾਲਤਾਂ ਰਾਹੀਂ ਫੈਸਲਾ ਹੋਏ ਕੇਸਾਂ ਦੇ ਲਾਭਾਂ ਤੇ ਚਾਨਣਾ ਪਾਉਂਦੇ ਹੋਏ ਉਨ੍ਹਾਂ ਦੱਸਿਆ ਕਿ ਲੋਕ ਅਦਾਲਤ ਰਾਹੀਂ ਫੈਸਲਾ ਹੋਏ ਕੇਸ ਦੀ ਅੱਗੇ ਕੋਈ ਅਪੀਲ ਨਹੀਂ ਹੋ ਸਕਦੀ ਕਿਉਂਕਿ ਲੋਕ ਅਦਾਲਤ ਵਿੱਚ ਫੈਸਲਾ ਧਿਰਾਂ ਦੀ ਆਪਸੀ ਸਹਿਮਤੀ ਰਾਹੀਂ ਕਰਵਾਇਆ ਜਾਂਦਾ ਹੈ। ਇਸ ਨਾਲ ਝਗੜਾ ਹਮੇਸ਼ਾਂ ਲਈ ਖਤਮ ਹੋ ਜਾਂਦਾ ਹੈ ਉਨ੍ਹਾਂ ਦੱਸਿਆ ਕਿ ਲੋਕ ਅਦਾਲਤ ਰਾਹੀਂ ਫੈਸਲਾ ਹੋਏ ਕੇਸ ਵਿੱਚ ਲਗਾਈ ਗਈ ਕੋਰਟ ਫੀਸ ਵੀ ਵਾਪਸ ਕੀਤੀ ਜਾਂਦੀ ਹੈ।

# ਇਤਿਹਾਸ 'ਚ ਸਿੱਖ ਬੀਬੀਆਂ ਲੜੀ ਤਹਿਤ ਬਾਰ੍ਹਵੇਂ ਲੈਕਚਰ ਦੌਰਾਨ ਮਾਤਾ ਮਹਾਂਦੇਵੀ ਜੀ ਦੀ ਪੇਂਟਿੰਗ ਕੀਤੀ ਰਿਲੀਜ਼



**ਨਵੀਂ ਦਿੱਲੀ, 14 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਸਿੱਖ ਹਿਸਟਰੀ ਐਂਡ ਗੁਰਬਾਣੀ ਫ਼ੋਰਮ (ਐਸ.ਐਚ.ਏ.ਜੀ.ਐਫ਼) ਅਤੇ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰੂ ਗੋਬਿੰਦ ਸਿੰਘ ਭਵਨ ਗੁਰਦੁਆਰਾ ਰਕਾਬਗੰਜ ਨਵੀਂ ਦਿੱਲੀ ਵਿਖੇ 'ਇਤਿਹਾਸ ਵਿੱਚ ਸਿੱਖ ਬੀਬੀਆਂ' ਲੜੀ ਤਹਿਤ ਬਾਰ੍ਹਵਾਂ ਵਿਸ਼ੇਸ਼ ਲੈਕਚਰ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਮਹਿਲ ਮਾਤਾ ਨਾਨਕੀ ਜੀ ਦੇ ਜੀਵਨ ਇਤਿਹਾਸ ਸੰਬੰਧੀ ਕਰਵਾਇਆ ਗਿਆ ।ਲੈਕਚਰ ਦੀ ਅਰੰਭਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਦਿਆ ਕੇਂਦਰ ਮਹਿਰੌਲੀ ਦੇ ਵਿਦਿਆਰਥੀਆਂ ਦੁਆਰਾ ਗਾਇਨ ਕੀਤੇ ਇਲਾਹੀ ਸ਼ਬਦ ਨਾਲ ਹੋਈ। ਉਪਰੰਤ ਫ਼ੋਰਮ ਦੇ ਡਾਇਰੈਕਟਰ ਡਾ. ਹਰਬੰਸ ਕੌਰ ਸਾਗੂ ਨੇ ਮੁੱਖ ਮਹਿਮਾਨ ਭਾਈ ਕੁਲਤਾਰ ਸਿੰਘ (ਹਜ਼ੂਰੀ ਕੀਰਤਨੀਏ ਗੁਰਦੁਆਰਾ ਬੰਗਲਾ ਸਾਹਿਬ) ਮੁੱਖ ਵਕਤਾ ਡਾ. ਰੰਜੂ ਬਾਲਾ (ਪੰਜਾਬੀ ਵਿਭਾਗ ਦਿੱਲੀ ਯੂਨੀਵਰਸਿਟੀ) ਅਤੇ ਡਾ. ਜਸਵਿੰਦਰ ਕੌਰ ਬਿੰਦਰਾ ਨੂੰ ਜੀ ਆਇਆਂ ਨੂੰ ਆਖਦੇ ਹੋਏ, ਸਿੱਖ ਹਿਸਟਰੀ ਐਂਡ ਗੁਰਬਾਣੀ ਫ਼ੋਰਮ ਵੱਲੋਂ ਅਰੰਭ ਕੀਤੀ ਗਈ ਲੜੀ ਇਤਿਹਾਸ 'ਚ ਸਿੱਖ ਬੀਬੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ।ਸਟੇਜ ਸਕੱਤਰ ਸਵਰਨ ਸਿੰਘ ਸਵਰਨ ਦੁਆਰਾ ਪੱਤਵੰਤੇ ਸੱਜਣਾਂ ਦਾ ਰਸਮੀ ਸਵਾਗਤ ਕਰਨ ਉਪਰੰਤ ਮੁੱਖ ਵਕਤਾ ਡਾ. ਰੰਜੂ ਬਾਲਾ ਨੇ ਬੜੇ ਹੀ ਪ੍ਰਭਾਵਸ਼ਾਲੀ ਸ਼ਬਦਾਂ ਰਾਹੀਂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਮਹਿਲ ਮਾਤਾ ਨਾਨਕੀ ਜੀ ਦਾ ਜੀਵਨ ਇਤਿਹਾਸ ਸਾਂਝਾ ਕੀਤਾ ।ਉਹਨਾਂ ਦੱਸਿਆ ਕਿ ਬਹੁਤੀ ਸੰਗਤ ਮਾਤਾ ਨਾਨਕੀ ਅਤੇ ਬੇਬੇ ਨਾਨਕੀ ਨੂੰ ਇੱਕ ਹੀ ਸ਼ਖਸ਼ੀਅਤ ਸਮਝਦੇ ਹਨ ।ਜਦਕਿ ਇਹ ਦੋਵੇਂ ਵੱਖ-ਵੱਖ ਹਨ ।ਮਾਤਾ ਨਾਨਕੀ ਜੀ ਦਾ ਸਾਰਾ ਜੀਵਨ ਸਿੱਖ ਪੰਥ ਦੀ ਸੇਵਾ ਵਿੱਚ ਹੀ ਬਤੀਤ ਹੋਇਆ ।ਗੁਰੂ ਪਤੀ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਹਰ ਹੁਕਮ ਨੂੰ ਖਿੜੇ ਮੱਥੇ ਮੰਨਦਿਆਂ ਜੀਵਨ ਦੇ ਅਖੀਰਲੇ ਪੜਾਅ ਤਕ ਸੇਵਾ ਸਿਮਰਨ ਨੂੰ ਆਪਣੇ ਜੀਵਨ ਦਾ ਅੰਗ ਬਣਾਉਣ ਵਾਲੇ ਮਾਤਾ ਨਾਨਕੀ ਜੀ ਨੇ ਆਪਣੇ ਪੁੱਤਰ ਤੇਗ. ਬਹਾਦਰ ਜੀ ਦੀ ਪਰਵਰਿਸ਼ ਅਜਿਹੀ ਸਿੱਖੀ ਮਹੌਲ ਵਿੱਚ ਕੀਤੀ ਕਿ ਦੁਖੀ ਮਜ਼ਬੂਰ ਲੋਕਾਂ ਦੇ ਹੱਕਾਂ ਦੀ ਰਾਖੀ ਕਰਦਿਆਂ ਸ੍ਰੀ ਗੁਰੂ ਤੇਗ. ਬਹਾਦਰ ਜੀ ਨੇ ਆਪਣਾ ਸੀਸ ਵੀ ਕੁਰਬਾਨ ਕਰ ਦਿੱਤਾ ਸੀ ।ਆਪਣੇ ਸਪੁੱਤਰ ਸ੍ਰੀ ਗੁਰੂ ਤੇਗ. ਬਹਾਦਰ ਜੀ ਦਾ ਬਿਨ੍ਹਾਂ ਧੜ ਤੋਂ ਆਇਆ ਸੀਸ ਦੇਖਣ ਦੇ ਬਾਅਦ ਵੀ ਅਡੋਲ ਰਹਿਣ ਵਾਲੇ, ਵੱਡੇ ਹੌਂਸਲੇ ਵਾਲੇ, ਮਾਤਾ ਨਾਨਕੀ ਜੀ ਵੱਲੋਂ ਸਿੱਖ ਪੰਥ ਵਿੱਚ ਪਾਏ ਗਏ ਵੱਡਮੁੱਲੇ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਨਾ ਸਕਦਾ ।ਗੁਰਦੁਆਰਾ ਬੰਗਲਾ ਸਾਹਿਬ ਦੇ ਹਜ਼ੂਰੀ ਕੀਰਤਨੀਏ ਭਾਈ ਕੁਲਤਾਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਬੋਲਦਿਆਂ ਦਿੱਲੀ ਗੁਰਦੁਆਰਾ ਕਮੇਟੀ ਅਤੇ ਸਿੱਖ ਇਤਿਹਾਸ ਐਂਡ ਗੁਰਬਾਣੀ ਫ਼ੋਰਮ ਦੇ ਇਸ ਵੱਡਮੁੱਲੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ।ਉਹਨਾਂ ਕਿਹਾ ਕਿ ਇਤਿਹਾਸ ਨੂੰ ਸੰਭਾਲਣ ਅਤੇ ਪ੍ਰਚਾਰਨ ਲਈ ਅਜਿਹੇ ਲੈਕਚਰ ਕਰਵਾਉਣੇ ਬਹੁਤ ਜ਼ਰੂਰੀ ਹਨ ਕਿਉਂਕਿ ਇਹਨਾਂ ਤੋਂ ਸਾਨੂੰ ਬਹੁਤ ਕੁਝ ਸਿੱਖਣ ਨੂੰ ਮਿਲਦਾ ਹੈ ।ਲੈਕਚਰ ਦੀ ਪ੍ਰਧਾਨਗੀ ਕਰ ਰਹੇ ਡਾ. ਜਸਵਿੰਦਰ ਕੌਰ ਬਿੰਦਰਾ ਨੇ ਆਪਣੇ ਵੱਡਮੁੱਲੇ ਵਿਚਾਰ ਸਾਂਝੇ ਕਰਦਿਆਂ ਸਿੱਖ ਬੀਬੀਆਂ ਨੂੰ ਮਾਤਾ ਨਾਨਕੀ ਜੀ ਦੇ ਆਦਰਸ਼ਕ ਜੀਵਨ ਤੋਂ ਸੇਧ ਲੈਣ ਦੀ ਲੋੜ ਉੱਤੇ ਜੋਰ ਦਿੱਤਾ ।ਉਪਰੰਤ ਡਾ. ਹਰਪ੍ਰੀਤ ਕੌਰ ਪ੍ਰਿੰਸੀਪਲ ਮਾਤਾ ਸੁੰਦਰੀ ਕਾਲਜ ਅਤੇ ਸ. ਸਵਰਨ ਸਿੰਘ ਸਵਰਨ ਨੇ ਦਿੱਲੀ ਗੁਰਦੁਆਰਾ ਕਮੇਟੀ, ਧਰਮ ਪ੍ਰਚਾਰ ਕਮੇਟੀ, ਸਮੂੰਹ ਪਤਵੰਤੇ ਸੱਜਣਾਂ, ਵੱਖ-ਵੱਖ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਤੋਂ ਆਏ ਟੀਚਰ ਸਾਹਿਬਾਨ, ਵਿਦਿਆਰਥੀਆਂ ਅਤੇ ਸਮੁੱਚੀ ਸੰਗਤ ਦਾ ਧੰਨਵਾਦ ਕੀਤਾ ।ਅੱਜ ਦੇ ਲੈਕਚਰ ਵਿੱਚ ਰਜਿੰਦਰ ਸਿੰਘ ਵਿਰਾਸਤ, ਜਸਵੰਤ ਸਿੰਘ ਸਾਗੂ, ਪ੍ਰੋ. ਹਰਮਿੰਦਰ ਸਿੰਘ, ਜਸਵੰਤ ਸਿੰਘ ਸੇਖਵਾਂ, ਐੱਚ.ਐੱਸ. ਭਾਟੀਆ, ਡਾ. ਬੇਅੰਤ ਕੌਰ, ਹਰੀ ਸਿੰਘ ਮਠਾਰੂ, ਗੁਰਮਤਿ ਕਾਲਜ ਦੇ ਵਿਦਵਾਨਾਂ ਤੇ ਹੋਰ ਅਨੇਕਾਂ ਪਤਵੰਤੇ ਸੱਜਣਾ ਨੇ ਹਾਜ਼ਰੀ ਭਰੀ।

ਆਵਾਜ਼ਿ ਕੌਮ AWAZE QAUM International Newspaper & WEB TV

## ਸ੍ਰੀ ਗੁਰੂ ਰਾਮਦਾਸ ਜੀ ਦੇ 450 ਸਾਲਾ ਗੁਰਿਆਈ ਦਿਵਸ ਮੌਕੇ

# ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਗੁਰਮਤਿ ਸਮਾਗਮ

**ਗਿਆਨੀ ਰਘਬੀਰ ਸਿੰਘ, ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਬਾਬਾ ਹਰਨਾਮ ਸਿੰਘ ਖਾਲਸਾ, ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਤੇ ਭਾਈ ਮਹਿਤਾ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਭਰੀ ਹਾਜ਼ਰੀ**





**ਅੰਮ੍ਰਿਤਸਰ, 14 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕੀਤਾ ਗਿਆ, ਜਿਸ ਵਿੱਚ ਖ਼ਾਲਸਾ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਗੁਰੂ ਸਾਹਿਬ ਜੀ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ ਉੱਥੇ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਪੰਥਕ ਏਕਤਾ ਦੀ ਲੋੜ ਉੱਤੇ ਜ਼ੋਰ ਦਿੱਤਾ।

ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸਜਾਏ ਗਏ ਗੁਰਮਤਿ ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਸਿੱਖ ਇਤਿਹਾਸ ਪੂਰੀ ਦੁਨੀਆ ਦੇ ਧਰਮ ਇਤਿਹਾਸ ਅੰਦਰ ਲਾਸਾਨੀ ਅਤੇ ਉੱਭਰਵਾਂ ਹੈ। ਸੇਵਾ ਅਤੇ ਸਿਮਰਨ ਸਿੱਖੀ ਦੇ ਦੋ ਅਹਿਮ ਥੰਮ੍ਹ ਹਨ ਅਤੇ ਗੁਰੂ ਸਾਹਿਬਾਨ ਨੇ ਇਸ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਆਪ ਦਿੱਤੀ ਹੈ। ਉਨ੍ਹਾਂ ਕਿਹਾ ਕਿ ਤੀਜੇ ਅਤੇ ਚੌਥੇ ਪਾਤਸ਼ਾਹ ਜੀ ਦੇ 450 ਸਾਲਾ ਸ਼ਤਾਬਦੀ ਦਿਹਾੜੇ ਉਨ੍ਹਾਂ ਦੇ ਜੀਵਨ ਇਤਿਹਾਸ ਅਤੇ ਘਾਲਣਾ ਤੋਂ ਸੇਧ ਲੈਣ ਲਈ ਵੱਡੇ ਮਹੱਤਵ ਵਾਲੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਅਮਰਦਾਸ ਜੀ ਨੇ ਨਿਰਸਵਾਰਥ ਹੋ ਕੇ ਸੇਵਾ ਕਰਨ ਦਾ ਮਾਰਗ ਦਿੱਤਾ ਅਤੇ ਸ੍ਰੀ ਗੁਰੂ ਰਾਮਦਾਸ ਜੀ ਨੂੰ ਹੋਰ ਪੱਕਿਆਂ ਕੀਤਾ। ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਦੀ ਸੰਗਤ ਨੂੰ ਵਧਾਈ ਵੀ ਦਿੱਤੀ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਗੁਰੂ ਸਾਹਿਬਾਨ ਨਾਲ ਸਬੰਧਤ ਸ਼ਤਾਬਦੀਆਂ ਦੇ ਦਿਹਾੜੇ ਸਾਡੇ ਲਈ ਭਵਿੱਖ ਦੀਆਂ ਤਰਜੀਹਾਂ ਨਿਰਧਾਰਤ ਕਰਨ ਦਾ ਮੌਕਾ ਹਨ। ਉਨ੍ਹਾਂ ਕਿਹਾ ਕਿ ਅੱਜ ਕਈ ਸ਼ਕਤੀਆਂ ਸਿੱਖ ਸਿਧਾਂਤਾਂ ਨੂੰ ਸੱਟ ਮਾਰਨ ਦੇ ਯਤਨ ਕਰ ਰਹੀਆਂ ਹਨ, ਜਿਨ੍ਹਾਂ ਨੂੰ ਸਮਝ ਕੇ ਇਕਜੁੱਟਤਾ ਨਾਲ ਠੱਲ੍ਹਣ ਦੀ ਲੋੜ ਹੈ। ਉਨ੍ਹਾਂ ਕਿਹਾ ਪੂਰੀ ਦੁਨੀਆਂ ਅੰਦਰ ਕੇਵਲ ਸਿੱਖ ਕੌਮ ਕੋਲ ਸ੍ਰੀ ਅਕਾਲ ਤਖ਼ਤ ਸਾਹਿਬ ਵਰਗਾ ਸਰਬਉੱਚ ਤਖ਼ਤ ਮੌਜੂਦ ਹੈ, ਜਿੱਥੋਂ ਸਿੱਖ ਕੌਮੀ ਸੇਧ ਅਤੇ ਅਗਵਾਈ ਪ੍ਰਾਪਤ ਕਰਦੇ ਹਨ। ਉਨ੍ਹਾਂ ਕਿਹਾ ਕਿ ਇਸ ਸਰਬਉੱਚ ਸੰਸਥਾ ਨੂੰ ਹਰ ਸਿੱਖ ਲਈ ਦਿਲੋਂ ਮੰਨਣ ਵਿੱਚ ਮਾਣ ਮਹਿਸੂਸ ਹੋਣਾ ਚਾਹੀਦਾ ਹੈ ਤਾਂ ਕਿ ਕੌਮ ਦੀ ਇਹ ਨਿਰਾਲੀ ਵਿਚਾਰਧਾਰਾ ਅਤੇ ਸਿਧਾਂਤ ਦੀ ਚੜ੍ਹਦੀ ਕਲਾ ਬਰਕਰਾਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਬਾਬਾ ਹਰਨਾਮ ਸਿੰਘ ਖ਼ਾਲਸਾ ਤੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁੱਖੀ ਬਾਬਾ ਬਲਬੀਰ ਸਿੰਘ 96 ਕਰੋੜੀ ਨੇ ਵੀ ਸਿੱਖ ਧਰਮ ਇਤਿਹਾਸ ਅਤੇ ਕੌਮੀ ਫ਼ਰਜ਼ਾਂ ਪ੍ਰਤੀ ਦ੍ਰਿੜ੍ਹਤਾ ਅਤੇ ਜਜ਼ਬਾ ਪ੍ਰਚੰਡ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਦੀ ਮੌਲਿਕਤਾ ਅਤੇ ਮਹੱਤਤਾ ਹਰ ਸਿੱਖ ਨੂੰ ਚੜ੍ਹਦੀ ਕਲਾ ਨਾਲ ਜੀਵਨ ਜੀਣ ਦੀ ਇੱਕ ਪ੍ਰੇਰਣਾ ਹੈ ਜਿਸ ਦੀ ਅਗਵਾਈ ਵਿੱਚ ਜੀਣਾ ਸਾਡਾ ਕੌਮੀ ਫ਼ਰਜ਼ ਹੈ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਗੁਰੂ ਇਤਿਹਾਸ ਅਤੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ ਜਦਕਿ ਰਾਗੀ ਢਾਡੀ ਤੇ ਕਵਿਸ਼ਰ ਜਥਿਆਂ ਨੇ ਵੀ ਹਾਜ਼ਰੀ ਭਰੀ। ਸਟੇਜ ਦੀ ਸੇਵਾ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਨਿਭਾਈ। ਸਮਾਗਮ ਦੌਰਾਨ ਤੀਜੇ ਅਤੇ ਚੌਥੇ ਪਾਤਸ਼ਾਹ ਨਾਲ ਸਬੰਧਤ ਸ਼ਤਾਬਦੀ ਨੂੰ ਸਮਰਪਿਤ ਵਿਸ਼ੇਸ਼ ਸੋਵੀਨਾਰ ਵੀ ਜਾਰੀ ਕੀਤਾ ਗਿਆ। ਇਸ ਮੌਕੇ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਸਨਮਾਨਿਤ ਕੀਤਾ। ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਅੰਤ੍ਰਿੰਗ ਮੈਂਬਰ ਸ. ਖ਼ੁਸ਼ਵਿੰਦਰ ਸਿੰਘ ਭਾਟੀਆ, ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਸਤਪਾਲ ਸਿੰਘ ਤਲਵੰਡੀ ਭਾਈ, ਸ. ਦਰਸ਼ਨ ਸਿੰਘ ਸ਼ੇਰਖਾਂ, ਸ. ਸਤਵਿੰਦਰ ਸਿੰਘ ਟੌਹੜਾ, ਸਵਾਮੀ ਜੀ ਹੁਸ਼ਿਆਰਪੁਰ ਵਾਲੇ, ਬਾਬਾ ਬਲਜਿੰਦਰ ਸਿੰਘ ਰਾੜਾ ਸਾਹਿਬ ਵਾਲਿਆਂ ਵੱਲੋਂ ਸੰਸਥਾ ਦੇ ਨੁਮਾਇੰਦੇ, ਬਾਬਾ ਰੌਸ਼ਨ ਸਿੰਘ ਧਬਲਾਨ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸੁਪ੍ਰਡੰਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਬੀਬੀ ਰਣਜੀਤ ਕੌਰ ਪੰਨਵਾਂ, ਬੀਬੀ ਅਮਰਜੀਤ ਕੌਰ, ਬੀਬੀ ਜਸਵਿੰਦਰ ਕੌਰ ਕਰਨਾਲ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਨਿਸ਼ਾਨ ਸਿੰਘ, ਸ. ਬਿਕਰਮਜੀਤ ਸਿੰਘ ਝੰਗੀ ਅਤੇ ਸੰਗਤਾਂ ਹਾਜ਼ਰ ਸਨ। ••





ਕਾਲੇ ਪਾਣੀ ਦਾ ਮੋਰਚਾ ਵੱਲੋਂ ਸਤਲੁਜ ਦਰਿਆ ਵਿੱਚ ਸੁੱਟੇ ਜਾ ਰਹੇ ਜ਼ਹਿਰੀਲੇ ਪਾਣੀ ਨੂੰ ਰੋਕਣ ਲਈ ਚੰਡੀਗੜ੍ਹ ਵਿਖੇ ਵਿਚਾਰ ਚਰਚਾ ਹੋਈ। ਇਸ ਮੌਕੇ ਵੱਖ-ਵੱਖ ਪਾਰਟੀਆਂ ਦੇ ਆਗੂ ਸਾਹਿਬਾਨ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

